ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/1948995821245 31/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਐਤਵਾਰ, 29 ਨਵੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੧੪ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

Exclusive News


117 ਦੀ ਥਾਂ 176 ਵਿਧਾਇਕ, ਸੀਟਾਂ 'ਚ ਹੋਵੇਗਾ ਵੱਡਾ ਵਾਧਾ, ਬਦਲਣਗੇ ਸਮੀਕਰਣ !

ਚੰਡੀਗੜ੍ਹ, 28 ਨਵੰਬਰ (ਆਵਾਜ਼ਿ ਕੌਮ ਬਿਊਰੋ)-ਪੰਜਾਬ ਦੀ ਸਿਆਸਤ ਵਿਚ ਆਉਣ ਵਾਲੇ ਸਮੇਂ ਦੌਰਾਨ ਬਹੁਤ ਕੁੱਝ ਬਦਲ ਸਕਦਾ ਹੈ। ਦਰਅਸਲ ਕੇਂਦਰ ਸਰਕਾਰ ਲੋਕ ਸਭਾ ਅਤੇ ਸੂਬਾਈ ਵਿਧਾਨ ਸਭਾਵਾਂ ਦੇ ਹਲਕਿਆਂ ਦੀ ਹੱਦਬੰਦੀ ਨੂੰ ਲੈ ਕੇ ਨਵਾਂ ਬਿੱਲ ਲਿਆਉਣ ਦੀ ਤਿਆਰੀ ਕੀਤੀ ਜਾ ਰਹੀ ਹੈ। ਜੇਕਰ ਪ੍ਰਸਤਾਵਿਤ ਬਿੱਲ ਪਾਸ ਹੋ ਜਾਂਦਾ ਹੈ ਇਸ ਨਵੇਂ ਬਿੱਲ ਦੇ ਤਹਿਤ ਪੰਜਾਬ ਵਿਚ ਸੰਸਦ ਮੈਂਬਰਾਂ ਅਤੇ ਵਿਧਾਇਕਾਂ ਦੀ ਗਿਣਤੀ ਮੌਜੂਦਾ ਅੰਕੜਿਆਂ ਦੇ ਮੁਕਾਬਲੇ ਕਾਫ਼ੀ ਵੱਧ ਸਕਦੀ ਹੈ। ਸੂਤਰ ਦੱਸਦੇ ਹਨ ਕਿ ਪ੍ਰਸਤਾਵਿਤ 50 ਫ਼ੀਸਦੀ ਵਾਧੇ ਦੇ ਫਾਰਮੂਲੇ ਤਹਿਤ ਪੰਜਾਬ ਦੀਆਂ ਲੋਕ ਸਭਾ ਸੀਟਾਂ 13 ਤੋਂ ਵੱਧ ਕੇ 20 ਹੋ ਜਾਣਗੀਆਂ ਜਦਕਿ ਵਿਧਾਨ ਸਭਾ ਸੀਟਾਂ ਦੀ ਗਿਣਤੀ 117 ਤੋਂ ਵੱਧ ਕੇ 176 ਹੋ ਸਕਦੀ ਹੈ। ਜੇ ਇਹ ਅਨੁਮਾਨ ਸਹੀ ਸਾਬਤ ਹੁੰਦਾ ਹੈ ਤਾਂ ਇਸ ਵੱਡੀ ਸਿਆਸੀ ਤਬਦੀਲੀ ਨਾਲ ਸੂਬੇ ਦੀ ਸਿਆਸੀ ਤਸਵੀਰ ਤਾਂ ਬਦਲੇਗੀ ਹੀ ਇਸ ਦੇ ਨਾਲ-ਨਾਲ ਚੋਣਾਂ ਦੌਰਾਨ ਪਾਰਟੀਆਂ ਦੀ ਰਣਨੀਤੀ ਵੀ ਪੂਰੀ ਤਰ੍ਹਾਂ ਬਦਲ ਜਾਵੇਗੀ। ਇਸ ਪ੍ਰਸਤਾਵ ਦਾ ਅਸਰ ਸਿਰਫ਼ ਪੰਜਾਬ ਤੱਕ ਹੀ ਸੀਮਤ ਨਹੀਂ ਰਹੇਗਾ, ਸਗੋਂ ਚੰਡੀਗੜ੍ਹ ਵਿਚ ਵੀ ਲੋਕ ਸਭਾ ਦੀ ਨੁਮਾਇੰਦਗੀ ਵਧਣ ਦੀ ਗੱਲ ਸਾਹਮਣੇ ਆ ਰਹੀ ਹੈ। ਮੌਜੂਦਾ ਇਕ ਸੀਟ ਦੀ ਥਾਂ ਦੋ ਸੰਸਦੀ ਸੀਟਾਂ ਹੋਣ ਦੀ ਸੰਭਾਵਨਾ ਜਤਾਈ ਜਾ ਰਹੀ ਹੈ। ਇਥੇ ਹੀ ਬੱਸ ਨਹੀਂ ਪੰਜਾਬ ਵਿਚ ਸੰਭਾਵਤ 176 ਵਿਧਾਨ ਸਭਾ ਸੀਟਾਂ ਵਿਚ ਲਗਭਗ 59 ਅਤੇ 20 ਲੋਕ ਸਭਾ ਸੀਟਾਂ ਵਿਚੋਂ ਲਗਭਗ 7 ਸੀਟਾਂ ਔਰਤਾਂ ਲਈ ਰਾਖਵੀਆਂ ਹੋ ਸਕਦੀਆਂ ਹਨ। ਇਨ੍ਹਾਂ ਵਿਚੋਂ ਐੱਸ. ਸੀ. ਵਰਗ ਦੀਆਂ ਔਰਤਾਂ ਵੀ ਸ਼ਾਮਲ ਹੋਣਗੀਆਂ।

ਸਕੂਲ ਨਾਲ ਲੱਗਦੇ ਘਰ 'ਚ ਡਾਇਨਾਮਾਈਟ ਵਿਸਫੋਟ !

ਕਈ ਵਿਦਿਆਰਥੀਆਂ ਦੀ ਮੌਤ, ਮਚੀ ਹਾਹਾਕਾਰ

ਕਾਬੁਲ, 28 ਨਵੰਬਰ (ਆਵਾਜ਼ਿ ਕੌਮ ਬਿਊਰੋ)-ਅਫ਼ਗਾਨਿਸਤਾਨ ਤੋਂ ਇਕ ਬੇਹੱਦ ਮੰਦਭਾਗੀ ਖ਼ਬਰ ਸਾਹਮਣੇ ਆਈ ਹੈ, ਜਿੱਥੋਂ ਦੇ ਕੁਨਾਰ ਸੂਬੇ 'ਚ ਇੱਕ ਮਿਡਲ ਸਕੂਲ ਦੇ ਨਾਲ ਲੱਗਦੇ ਘਰ 'ਚ ਹੋਏ ਧਮਾਕੇ ਕਾਰਨ ਘੱਟੋ-ਘੱਟ 6 ਵਿਦਿਆਰਥੀਆਂ ਦੀ ਮੌਤ ਹੋ ਗਈ ਹੈ, ਜਦਕਿ 97 ਹੋਰ ਜ਼ਖ਼ਮੀ ਹੋਏ ਹਨ। ਕੁਨਾਰ ਪ੍ਰੋਵਿੰਸ਼ੀਅਲ ਹਸਪਤਾਲ ਦੇ ਚੀਫ਼ ਮੌਲਾ ਦਾਦ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਫਿਲਹਾਲ ਇਹ ਸ਼ੁਰੂਆਤੀ ਅੰਕੜੇ ਹਨ ਅਤੇ ਹੋਰ ਜਾਣਕਾਰੀ ਸਾਹਮਣੇ ਆਉਣ ਦੇ ਨਾਲ ਮੌਤਾਂ ਤੇ ਜ਼ਖ਼ਮੀਆਂ ਦੀ ਗਿਣਤੀ 'ਚ ਵਾਧਾ ਹੋ ਸਕਦਾ ਹੈ। ਕੁਨਾਰ 'ਚ ਸੂਚਨਾ ਅਤੇ ਸੱਭਿਆਚਾਰ ਦੇ ਡਾਇਰੈਕਟਰ ਮੌਲਵੀ ਸਾਮੀ-ਉਲ-ਹੱਕ ਅਨੁਸਾਰ, ਇਹ ਧਮਾਕਾ ਸ਼ਨੀਵਾਰ ਸਵੇਰੇ ਲਗਭਗ 10 ਵਜੇ ਸੂਬੇ ਦੇ ਅੰਦਰ ਸੇਰ ਇਲਾਕੇ ਦੇ ਇੱਕ ਮਿਡਲ ਸਕੂਲ ਦੇ ਨਾਲ ਲੱਗਦੇ ਘਰ ਵਿੱਚ ਹੋਇਆ। ਉਨ੍ਹਾਂ ਦੱਸਿਆ ਕਿ ਇਹ ਘਰ ਉਨ੍ਹਾਂ ਲੋਕਾਂ ਦਾ ਸੀ ਜੋ ਮਾਈਨਿੰਗ ਦਾ ਕੰਮ ਕਰਦੇ ਸਨ ਤੇ ਉਨ੍ਹਾਂ ਨੇ ਘਰ 'ਚ ਡਾਈਨਾਮਾਈਟ ਰੱਖਿਆ ਹੋਇਆ ਸੀ। ਪਾਕਿਸਤਾਨ ਦੀ ਸਰਹੱਦ ਨਾਲ ਲੱਗਦੇ ਕੁਨਾਰ ਸੂਬੇ ਦੀਆਂ ਜਾਂਚ ਟੀਮਾਂ ਮੌਕੇ 'ਤੇ ਮੌਜੂਦ ਹਨ, ਜਦਕਿ ਸਥਾਨਕ ਅਧਿਕਾਰੀਆਂ ਵੱਲੋਂ ਇਸ ਮਾਮਲੇ ਸਬੰਧੀ ਹੋਰ ਜਾਣਕਾਰੀ ਹਾਲੇ ਸਾਂਝੇ ਨਹੀਂ ਕੀਤੇ ਗਏ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਅਗਸਤ 'ਚ ਅਫ਼ਗਾ.ਨਿਸਤਾਨ ਦੀ ਰਾਜਧਾਨੀ ਕਾਬੁਲ ਦੇ ਇੱਕ ਸਕੂਲ ਕੰਪਲੈਕਸ 'ਚ ਹੋਏ ਹੈਂਡ ਗ੍ਰਨੇਡ ਹਮਲੇ ਦੌਰਾਨ ਵੀ 9 ਤੋਂ 14 ਸਾਲ ਦੀ ਉਮਰ ਦੇ 40 ਤੋਂ ਵੱਧ ਬੱਚੇ ਜ਼ਖ਼ਮੀ ਹੋਏ ਸਨ।



ਡੂੰਘੀ ਖੱਡ 'ਚ ਡਿੱਗੀ ਗੱਡੀ ! 7 ਲੋਕਾਂ ਦੀ ਮੌਤ, ਪੌੜੀ 'ਚ ਵਾਪਰਿਆ ਭਿਆਨਕ ਹਾਦਸਾ

ਦੇਹਰਾਦੂਨ, 28 ਨਵੰਬਰ (ਆਵਾਜ਼ਿ ਕੌਮ ਬਿਊਰੋ)-ਉੱਤਰਾਖੰਡ ਦੇ ਪੌੜੀ ਜ਼ਿਲ੍ਹੇ ਦੇ ਲੈਂਸਡੌਨ ਇਲਾਕੇ 'ਚ ਸ਼ਨੀਵਾਰ ਨੂੰ ਈਕੋ ਗੱਡੀ ਦੇ ਖੱਡ 'ਚ ਡਿੱਗਣ ਨਾਲ ਉਸ 'ਚ ਸਵਾਰ 6 ਔਰਤਾਂ ਸਮੇਤ 7 ਲੋਕਾਂ ਦੀ ਮੌਤ ਹੋ ਗਈ ਅਤੇ 5 ਹੋਰ ਜ਼ਖ਼ਮੀ ਹੋ ਗਏ। ਇਕ ਅਧਿਕਾਰੀ ਨੇ ਇਹ ਜਾਣਕਾਰੀ ਦਿੱਤੀ। ਲੈਂਸਡੌਨ ਦੀ ਸਬ-ਜ਼ਿਲ੍ਹਾ ਅਧਿਕਾਰੀ ਸ਼ਾਲਿਨੀ ਮੌਰਿਆ ਨੇ ਦੱਸਿਆ ਕਿ ਹਾਦਸਾ ਕਲਵਾੜੀ ਪਿੰਡ ਨੇੜੇ ਵਾਪਰਿਆ। ਉਨ੍ਹਾਂ ਦੱਸਿਆ ਕਿ ਹਾਦਸੇ ਦੇ ਸਮੇਂ ਗੱਡੀ 'ਚ ਕੁੱਲ 12 ਲੋਕ ਸਵਾਰ ਸਨ। ਹਾਦਸੇ ਦੀ ਸੂਚਨਾ ਮਿਲਦੇ ਹੀ ਹਾਦਸੇ ਵਾਲੀ ਜਗ੍ਹਾ ਰਵਾਨਾ ਹੋਏ ਲੈਂਸਡੌਨ ਦੇ ਭਾਜਪਾ ਵਿਧਾਇਕ ਦਿਲੀਪ ਰਾਵਤ ਨੇ ਕਿਹਾ ਕਿ ਔਰਤਾਂ ਰਿਖਨੀਖਾਲ ਤੋਂ ਇਕ ਸਮੂਹ ਮੀਟਿੰਗ ਤੋਂ ਬਾਅਦ ਆਪਣੇ ਪਿੰਡ ਵਾਪਸ ਆ ਰਹੀਆਂ ਸਨ। ਉਨ੍ਹਾਂ ਕਿਹਾ ਕਿ ਡਰਾਈਵਰ ਸਮੇਤ ਸਾਰੇ ਸੱਤ ਲੋਕਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਸੂਚਨਾ ਮਿਲਦੇ ਹੀ ਪੁਲਸ ਅਤੇ ਹੋਰ ਏਜੰਸੀਆਂ ਨੇ ਮੌਕੇ 'ਤੇ ਪਹੁੰਚੀਆਂ ਅਤੇ ਰਾਹਤ ਤੇ ਬਚਾਅ ਕਾਰਜ ਸ਼ੁਰੂ ਕਰ ਦਿੱਤੇ। ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨੇ ਸੜਕ ਹਾਦਸੇ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ। ਧਾਮੀ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਤੁਰੰਤ ਹਾਦਸੇ ਵਾਲੀ ਥਾਂ 'ਤੇ ਪਹੁੰਚਣ, ਰਾਹਤ ਅਤੇ ਬਚਾਅ ਕਾਰਜਾਂ 'ਚ ਤੇਜ਼ੀ ਲਿਆਉਣ ਅਤੇ ਜ਼ਖਮੀਆਂ ਨੂੰ ਲੋੜੀਂਦੀ ਡਾਕਟਰੀ ਦੇਖਭਾਲ ਪ੍ਰਦਾਨ ਕਰਨ ਦੇ ਨਿਰਦੇਸ਼ ਦਿੱਤੇ। ਧਾਮੀ ਨੇ ਇਹ ਵੀ ਨਿਰਦੇਸ਼ ਦਿੱਤੇ ਕਿ ਗੰਭੀਰ ਜ਼ਖਮੀਆਂ ਨੂੰ ਹਵਾਈ ਜਹਾਜ਼ ਰਾਹੀਂ ਉੱਚ ਡਾਕਟਰੀ ਸਹੂਲਤਾਂ 'ਚ ਪਹੁੰਚਾਇਆ ਜਾਵੇ। ਮੁੱਖ ਮੰਤਰੀ ਨੇ ਸਾਰੇ ਜ਼ਖਮੀਆਂ ਦੀ ਜਲਦੀ ਸਿਹਤਯਾਬੀ ਲਈ ਪ੍ਰਮਾਤਮਾ ਅੱਗੇ ਅਰਦਾਸ ਕੀਤੀ।



ਮਾਨਸਾ 'ਚ ਮਾਨ ਸਰਕਾਰ ਦੀ 'ਸਿਹਤ ਕ੍ਰਾਂਤੀ' ਦੇ ਦਾਅਵਿਆਂ 'ਤੇ ਉੱਠੇ ਸਵਾਲ, ਮ੍ਰਿਤਕ ਦੇਹ ਨੂੰ ਹਸਪਤਾਲ ਪਹੁੰਚਾਉਣ ਲਈ ਲੈਣੀ ਪਈ ਰੇਹੜੀ ਦੀ ਮਦਦ !

ਮਾਨਸਾ, 28 ਨਵੰਬਰ (ਆਵਾਜ਼ਿ ਕੌਮ ਬਿਊਰੋ)-ਮਾਨਸਾ ਵਿੱਚ ਪੰਜਾਬ ਸਰਕਾਰ ਵੱਲੋਂ ਸਿਹਤ ਸੇਵਾਵਾਂ ਨੂੰ ਬਿਹਤਰ ਬਣਾਉਣ ਦੇ ਕੀਤੇ ਜਾ ਰਹੇ ਦਾਅਵਿਆਂ 'ਤੇ ਸਵਾਲ ਖੜ੍ਹੇ ਹੋ ਗਏ ਹਨ। ਇੱਥੇ ਵਾਪਰੀ ਇੱਕ ਦਰਦਨਾਕ ਘਟਨਾ ਨੇ ਸਿਹਤ ਵਿਭਾਗ ਦੀ ਕਾਰਗੁਜ਼ਾਰੀ 'ਤੇ ਸਵਾਲੀਆ ਨਿਸ਼ਾਨ ਲਗਾ ਦਿੱਤਾ ਹੈ। ਮਿਲੀ ਜਾਣਕਾਰੀ ਅਨੁਸਾਰ ਮਾਨਸਾ ਦੀ ਨਿਊ ਕੋਰਟ ਰੋਡ 'ਤੇ ਰਾਤ ਸਮੇਂ ਇੱਕ ਵਿਅਕਤੀ ਗੰਦੇ ਨਾਲੇ ਵਿੱਚ ਡਿੱਗ ਗਿਆ, ਜਿਸ ਕਾਰਨ ਉਸ ਦੀ ਮੌਤ ਹੋ ਗਈ। ਹੈਰਾਨੀ ਦੀ ਗੱਲ ਇਹ ਰਹੀ ਕਿ ਘਟਨਾ ਤੋਂ ਬਾਅਦ ਮੌਕੇ 'ਤੇ ਮੌਜੂਦ ਲੋਕਾਂ ਨੇ ਹਸਪਤਾਲ ਵਿੱਚ ਫੋਨ ਕਰਕੇ ਐਂਬੂਲੈਂਸ ਦੀ ਮੰਗ ਕੀਤੀ, ਪਰ ਕਾਫ਼ੀ ਕੋਸ਼ਿਸ਼ਾਂ ਦੇ ਬਾਵਜੂਦ ਕਥਿਤ ਤੌਰ 'ਤੇ ਕੋਈ ਐਂਬੂਲੈਂਸ ਮੌਕੇ 'ਤੇ ਨਹੀਂ ਪਹੁੰਚੀ। ਆਖ਼ਰਕਾਰ ਮ੍ਰਿਤਕ ਦੀ ਲਾਸ਼ ਨੂੰ ਹਸਪਤਾਲ ਪਹੁੰਚਾਉਣ ਲਈ ਐਂਬੂਲੈਂਸ ਦੀ ਬਜਾਏ ਰੇਹੜੀ ਦਾ ਸਹਾਰਾ ਲੈਣਾ ਪਿਆ। ਇਸ ਘਟਨਾ ਤੋਂ ਬਾਅਦ ਮੌਕੇ 'ਤੇ ਪਹੁੰਚੇ ਸਮਾਜਸੇਵੀ ਕ੍ਰਿਸ਼ਨ ਚੌਹਾਨ ਨੇ ਪੰਜਾਬ ਸਰਕਾਰ ਦੀ 'ਸਿਹਤ ਕ੍ਰਾਂਤੀ' ਦੇ ਦਾਅਵਿਆਂ 'ਤੇ ਸਵਾਲ ਚੁੱਕੇ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਿਅਕਤੀ ਦੀ ਮੌਤ ਤੋਂ ਬਾਅਦ ਉਸ ਦੀ ਲਾਸ਼ ਨੂੰ ਹਸਪਤਾਲ ਪਹੁੰਚਾਉਣ ਲਈ ਵੀ ਰੇਹੜੀ ਦੀ ਵਰਤੋਂ ਕਰਨੀ ਪਵੇ ਤਾਂ ਸਿਹਤ ਸੇਵਾਵਾਂ ਦੀ ਜ਼ਮੀਨੀ ਹਕੀਕਤ ਦਾ ਅੰਦਾਜ਼ਾ ਲਗਾਇਆ ਜਾ ਸਕਦਾ ਹੈ। ਹੁਣ ਸਵਾਲ ਇਹ ਉੱਠਦਾ ਹੈ ਕਿ ਸਿਹਤ ਸੇਵਾਵਾਂ ਨੂੰ ਬਿਹਤਰ ਬਣਾਉਣ ਦੇ ਸਰਕਾਰੀ ਦਾਅਵਿਆਂ ਦੇ ਬਾਵਜੂਦ ਮਾਨਸਾ ਵਿੱਚ ਐਂਬੂਲੈਂਸ ਸੇਵਾ ਸਮੇਂ ਸਿਰ ਕਿਉਂ ਉਪਲਬਧ ਨਹੀਂ ਹੋ ਸਕੀ ? ਫਿਲਹਾਲ ਇਸ ਪੂਰੇ ਮਾਮਲੇ ਵਿੱਚ ਸਿਹਤ ਵਿਭਾਗ ਅਤੇ ਪ੍ਰਸ਼ਾਸਨ ਦਾ ਪੱਖ ਸਾਹਮਣੇ ਆਉਣਾ ਬਾਕੀ ਹੈ। ਇਸ ਮੌਕੇ ਸਮਾਜ ਸੇਵੀ ਕ੍ਰਿਸ਼ਨ ਚੌਹਾਨ ਨੇ ਦੱਸਿਆ ਕਿ ਨਾਲੇ 'ਚ ਡਿੱਗਣ ਕਰਕੇ ਠੰਡ ਦੇ ਮੌਸਮ ਕਾਰਨ ਇਸ ਵਿਅਕਤੀ ਦੀ ਮੌਤ ਹੋਈ ਲੱਗ ਰਹੀ ਹੈ, ਬਾਕੀ ਇਸ ਬਾਰੇ ਸਾਰੀ ਜਾਣਕਾਰੀ ਮੈਡੀਕਲ ਜਾਂਚ ਤੋਂ ਬਾਅਦ ਹੀ ਸਾਹਮਣੇ ਆਵੇਗੀ। ਉਨ੍ਹਾਂ ਕਿਹਾ ਕਿ ਇੱਕ ਪਾਸੇ ਤਾਂ ਸੂਬੇ ਦੀ ਮਾਨ ਸਰਕਾਰ ਸਿਹਤ ਕ੍ਰਾਂਤੀ ਨੂੰ ਲੈ ਕੇ ਥਾਂ ਥਾਂ 'ਤੇ ਵੱਡੇ ਦਾਅਵੇ ਕਰ ਰਹੀ ਹੈ ਪਰ ਦੂਜੇ ਪਾਸੇ ਜ਼ਮੀਨੀ ਹਾਲਤ ਕੁਝ ਹੋਰ ਹੀ ਦਿੱਖ ਰਹੀ ਹੈ। ਉਨ੍ਹਾਂ ਸਵਾਲ ਉਠਾਏ ਕਿ ਇੰਨੀ ਦੇਰ ਪਹਿਲਾ ਤੋਂ ਫੋਨ ਕੀਤੇ ਜਾਣ ਦੇ ਬਾਵਜੂਦ ਹੁਣ ਤੱਕ ਇੱਥੇ ਕੋਈ ਐਮਬੂਲੈਂਸ ਜਾਂ ਗੱਡੀ ਅਜੇ ਤੱਕ ਨਹੀਂ ਪਹੁੰਚੀ। ਪਰ ਆਖਿਰਕਾਰ ਹੁਣ ਸਥਾਨਕ ਲੋਕਾਂ ਦੀ ਮਦਦ ਨਾਲ ਮ੍ਰਿਤਕ ਵਿਅਕਤੀ ਦੀ ਦੇਹ ਨੂੰ ਹਸਪਤਾਲ ਲੈ ਕੇ ਜਾਣ ਦਾ ਬੰਦੋਬਸਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿ ਉਹ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਕਹਿਣਾ ਚਾਹੁੰਦੇ ਹਨ ਕਿ ਇੱਕ ਪਾਸੇ ਸਰਕਾਰ ਵਲੋਂ ਲੋਕਾਂ ਨੂੰ ਸੋਸ਼ਲ ਮੀਡੀਆ ਰਾਹੀਂ ਗੁੰਮਰਾਹ ਕਰਕੇ ਝੂਠਾ ਪ੍ਰਚਾਰ ਕੀਤਾ ਜਾ ਰਿਹਾ ਜਦਕਿ ਹਕੀਕਤ ਕੁਝ ਹੋਰ ਹੀ ਨਜਰ ਆ ਰਹੀ ਹੈ।



ਸੀਟਾਂ ਦੀ ਵੰਡ ਨੂੰ ਲੈ ਕੇ ਭਾਜਪਾ ਨੇ ਬਣਾਈ ਰਣਨੀਤੀ ! ਖਾਕਾ ਕੀਤਾ ਜਾ ਰਿਹੈ ਤਿਆਰ, ਮਾਲਵੇ 'ਤੇ ਵੱਧ ਫੋਕਸ

ਜਲੰਧਰ, 28 ਨਵੰਬਰ (ਆਵਾਜ਼ਿ ਕੌਮ ਬਿਊਰੋ)-ਪੰਜਾਬ ਵਿਧਾਨ ਸਭਾ ਚੋਣਾਂ ਲਈ ਸ਼੍ਰੋਮਣੀ ਅਕਾਲੀ ਦਲ (ਬ) ਅਤੇ ਭਾਜਪਾ ਵਿਚਕਾਰ ਗੱਠਜੋੜ ਹੋ ਚੁੱਕਾ ਹੈ ਪਰ ਹੁਣ ਸਭ ਤੋਂ ਵੱਡਾ ਸਵਾਲ ਸੀਟਾਂ ਦੀ ਵੰਡ ਦਾ ਹੈ। ਪਿਛਲੇ ਗੱਠਜੋੜ ਵਿੱਚ ਭਾਜਪਾ ਨੇ 23 ਸੀਟਾਂ 'ਤੇ ਅਤੇ ਸ਼੍ਰੋਮਣੀ ਅਕਾਲੀ ਦਲ ਨੇ 94 ਸੀਟਾਂ 'ਤੇ ਚੋਣ ਲੜੀ ਸੀ। 8 ਦਸੰਬਰ ਨੂੰ ਮੋਗਾ 'ਚ ਰੈਲੀ ਤੋਂ ਪਹਿਲਾਂ ਭਾਜਪਾ ਆਪਣਾ ਚੋਣ ਅਧਾਰ ਵਧਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਪਾਰਟੀ ਸੂਤਰਾਂ ਮੁਤਾਬਕ ਭਾਜਪਾ ਗੱਠਜੋੜ 'ਚ 35 ਤੋਂ 40 ਸੀਟਾਂ 'ਤੇ ਚੋਣ ਲੜਨ ਦੀ ਤਿਆਰੀ ਕਰ ਰਹੀ ਹੈ। ਇਸ ਦੇ ਲਈ ਪਹਿਲਾਂ ਹੀ 23 ਸੀਟਾਂ 'ਤੇ ਆਪਣਾ ਦਾਅਵਾ ਬਰਕਰਾਰ ਰੱਖਣ ਦੇ ਨਾਲ ਕੁਝ ਨਵੀਆਂ ਸੀਟਾਂ ਨੂੰ ਗੱਲਬਾਤ ਵਿਚ ਸ਼ਾਮਲ ਕੀਤਾ ਜਾਵੇਗਾ। ਭਾਜਪਾ ਵਿਚ ਨਵੀਆਂ ਸੀਟਾਂ ਨੂੰ ਲੈ ਕੇ ਕਾਰਜਕਾਰੀ ਪੱਧਰ 'ਤੇ ਹੋਮਵਰਕ ਕੀਤਾ ਜਾ ਰਿਹਾ ਹੈ, ਇਸ ਵਿਚ ਉਨ੍ਹਾਂ ਖੇਤਰਾਂ ਦੀ ਪਛਾਣ ਕੀਤ ਜਾ ਰਹੀ ਹੈ ਜਿੱਥੇ ਪਿਛਲੇ ਕੁਝ ਸਾਲ ਵਿਚ ਆਪਣਾ ਸੰਗਠਨ ਮਜ਼ਬੂਤ ਕੀਤਾ ਹੈ। ਤਿਆਰ ਰਿਪੋਰਟ ਵਿਚ ਕਰੀਬ 36 ਵਾਧੂ ਸੀਟਾਂ ਦੇ ਨਾਂ ਸਾਹਮਣੇ ਆਏ ਹਨ। ਹਾਲਾਂਕਿ ਇਨ੍ਹਾਂ ਸਾਰੀਆਂ ਸੀਟਾਂ 'ਤੇ ਚੋਣ ਲੜਨਾ ਭਾਜਪਾ ਦਾ ਅੰਤਿਮ ਫ਼ੈਸਲਾ ਨਹੀਂ ਹੈ। ਇਹ ਸੰਭਾਵੀ ਵਿਧਾਨ ਸਭਾ ਹਲਕੇ ਹਨ, ਜਿਨ੍ਹਾਂ ਲਈ ਭਾਜਪਾ ਗੱਠਜੋੜ ਗੱਲਬਾਤ ਦੌਰਾਨ ਆਪਣਾ ਦਾਅਵਾ ਪੇਸ਼ ਕਰ ਸਕਦੀ ਹੈ। ਅੰਤਿਮ ਫ਼ੈਸਲਾ ਦੋਵਾਂ ਪਾਰਟੀਆਂ ਵਿਚਕਾਰ ਆਪਸੀ ਸਮਝੌਤੇ ਤੋਂ ਬਾਅਦ ਹੀ ਲਿਆ ਜਾਵੇਗਾ। ਪਿਛਲੇ ਗੱਠਜੋੜ 'ਚ ਭਾਜਪਾ ਵੱਲੋਂ ਲੜੀਆਂ ਗਈਆਂ 23 ਸੀਟਾਂ ਵਿੱਚ ਮਾਝਾ, ਦੋਆਬਾ ਅਤੇ ਮਾਲਵਾ ਦੇ ਤਿੰਨ ਖੇਤਰਾਂ ਦੀਆਂ ਸੀਟਾਂ ਸ਼ਾਮਲ ਹਨ। ਭਾਜਪਾ ਇਨ੍ਹਾਂ ਮੌਜੂਦਾ ਸੀਟਾਂ ਤੋਂ ਇਲਾਵਾ ਕੁਝ ਨਵੀਆਂ ਸੀਟਾਂ ਹਾਸਲ ਕਰਨ ਲਈ ਯਤਨਸ਼ੀਲ ਹੈ। ਦੋਵਾਂ ਪਾਰਟੀਆਂ ਵਿਚਕਾਰ ਤਾਲਮੇਲ ਬਣਾਉਣ ਅਤੇ ਉਨ੍ਹਾਂ ਦੀ ਚੋਣ ਰਣਨੀਤੀ ਨੂੰ ਅੱਗੇ ਵਧਾਉਣ ਲਈ ਇਕ ਤਾਲਮੇਲ ਕਮੇਟੀ ਬਣਾਈ ਜਾਣੀ ਹੈ। ਕਮੇਟੀ ਬਣਾਉਣ ਦੀ ਪ੍ਰਕਿਰਿਆ ਪ੍ਰਧਾਨ ਮੰਤਰੀ ਦੀ ਮੋਗਾ ਰੈਲੀ ਤੋਂ ਪਹਿਲਾਂ ਪੂਰੀ ਕਰ ਲਈ ਜਾਵੇਗੀ। ਕਮੇਟੀ 'ਚ ਦੋਵਾਂ ਪਾਰਟੀਆਂ ਦੇ ਸੀਨੀਅਰ ਆਗੂ ਸ਼ਾਮਲ ਹੋਣਗੇ। ਇਹ ਕਮੇਟੀ ਆਪਸੀ ਤਾਲਮੇਲ ਚੋਣ ਸਮਾਂ-ਸਾਰਣੀ, ਸਾਂਝੀਆਂ ਰਣਨੀਤੀਆਂ ਅਤੇ ਹੋਰ ਵਿਚਾਰ-ਵਟਾਂਦਰੇ ਨੂੰ ਸੰਗਠਿਤ ਕਰਨ 'ਚ ਭੂਮਿਕਾ ਨਿਭਾਏਗੀ। ਇਸ ਪ੍ਰਕਿਰਿਆ ਦੇ ਅੰਦਰ ਸੀਟਾਂ ਦੀ ਵੰਡ 'ਤੇ ਚਰਚਾ ਅੱਗੇ ਵਧੇਗੀ। ਭਾਜਪਾ ਦਾ ਕਾਰਜ ਸਮੂਹ ਆਪਣੀਆਂ ਸੰਭਾਵੀ ਸੀਟਾਂ ਦਾ ਖਾਕਾ ਸਾਹਮਣੇ ਰੱਖੇਗਾ ਜਦਕਿ ਅਕਾਲੀ ਦਲ ਸਬੰਧਤ ਵਿਧਾਨ ਸਭਾ ਹਲਕਿਆਂ 'ਚ ਆਪਣੇ ਮੌਜੂਦਾ ਰਾਜਨੀਤਿਕ ਆਧਾਰ ਅਤੇ ਸੰਗਠਨਾਤਮਕ ਤਾਕਤ ਦੇ ਆਧਾਰ 'ਤੇ ਆਪਣਾ ਪੱਖ ਪੇਸ਼ ਕਰੇਗਾ। ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਸੀਨੀਅਰ ਭਾਜਪਾ ਆਗੂ ਵੀ ਰੈਲੀ ਵਿੱਚ ਸਟੇਜ ਸਾਂਝੀ ਕਰਨਗੇ। ਦੋਵੇਂ ਪਾਰਟੀਆਂ ਇਸ ਰੈਲੀ ਰਾਹੀਂ ਗੱਠਜੋੜ ਦੀ ਏਕਤਾ ਅਤੇ ਚੋਣ ਤਾਕਤ ਦਾ ਪ੍ਰਦਰਸ਼ਨ ਕਰਨਾ ਚਾਹੁੰਦੀਆਂ ਹਨ। ਰੈਲੀ ਤੋਂ ਬਾਅਦ ਗੱਠਜੋੜ ਦੀਆਂ ਸਾਂਝੀਆਂ ਗਤੀਵਿਧੀਆਂ, ਸੰਗਠਨਾਤਮਕ ਤਾਲਮੇਲ ਅਤੇ ਚੋਣ ਤਿਆਰੀਆਂ ਵਿੱਚ ਤੇਜ਼ੀ ਆਉਣ ਦੀ ਉਮੀਦ ਹੈ।



ਨਿਸ਼ਾਨ ਸਾਹਿਬ ਦੀ ਬੇਅਦਬੀ ਦਾ ਮਾਮਲਾ : ਕਾਦੀਆਂ 'ਚ 'ਆਪ' ਆਗੂਆਂ 'ਤੇ ਗੰਭੀਰ ਇਲਜ਼ਾਮ, NHRC ਦਾ ਸਖਤ ਐਕਸ਼ਨ



ਕਾਦੀਆਂ, 28 ਨਵੰਬਰ (ਆਵਾਜ਼ਿ ਕੌਮ ਬਿਊਰੋ)-ਕਾ

TPU - THE PANJAB UNIVERSE

LEARN | TRADE | GROW | EARN FOR LIFE

ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ

ਸਾਡੀਆਂ ਸੇਵਾਵਾਂ:

- 100% ਪ੍ਰੈਕਟੀਕਲ ਟਰੇਡਿੰਗ
- ਲਾਈਵ ਮਾਰਕੀਟ ਸਿਖਲਾਈ
- ਬਿਗਨਰ ਤੋਂ ਐਡਵਾਂਸ ਲੈਵਲ ਤੱਕ
- ਇਨਕਿਊਬੇਟਰ ਗਾਈਡੈਂਸ
- ਲਾਈਫ ਟਾਈਮ ਸਪੋਰਟ

ਕੋਰਸ ਵਿੱਚ ਸ਼ਾਮਲ:

- ਇੰਟਰਾਡੇ
- ਸਵਿੰਗ
- ਆਪਸ਼ਨ
- ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
- ਰਿਸਕ ਮੈਨੇਜਮੈਂਟ
- ਇਨਵੈਸਟਮੈਂਟ ਸਟ੍ਰੈਟਜੀ
- ਪ੍ਰੈਕਟੀਕਲ ਟਰੇਡਿੰਗ ਸਿਸਟਮ

ਆਵਾਜ਼ ਕੌਮ AWAZE QAUM International Newspaper & WEB TV

ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ


ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ

+91 76961 59766

Instagram: thepanjabuniverse / the.panjabuniverse (ਜਲੰਧਰ)

ਸਾਡਾ ਪਤਾ: Lambra near Jalandhar

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ



Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ
ਦਮਦਮੀ ਟਕਸਾਲ
ਨਾਮ ਜਪੋ Naam Japo
ਕਿਰਤ ਕਰੋ Kirat Karo
ਵੰਡ ਛੱਕੋ Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke
Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and
Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Comtact :
+447458381111
+447976210161
+919729091243
ਆਵਾਜ਼ਿ ਕੌਮ AWAZE QAUM TV
ਭਾਈ ਰਘਵੀਰ ਸਿੰਘ ਵਾਲਸਾਲ
ਮੁੱਖ ਸੰਪਾਦਕ
ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ
ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

ਸਮੂਹ ਪੱਤਰਕਾਰਾਂ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੇ ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਗ਼ੈਰ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ ਨੂੰ ਛਾਪਣ ਤੋਂ ਅਸਮਰਥ ਹੋਵਾਂਗੇ। -ਭਾਈ ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ

ਭਾਈ ਗੁਰਦਾਸ ਦੀ ਦ੍ਰਿਸ਼ਟੀ ਵਿੱਚ ਗੁਰੂ ਨਾਨਕ ਦੇਵ ਜੀ ਦੀ ਸ਼ਖ਼ਸੀਅਤ

ਭਾਈ ਗੁਰਦਾਸ ਜੀ ਸਿੱਖ ਧਰਮ ਵਿੱਚ ਸਿੱਖ ਗੁਰੂਆਂ ਤੋਂ ਬਾਅਦ ਇੱਕ ਸਨਮਾਨਯੋਗ ਹਸਤੀ ਹੋ ਗੁਜ਼ਰੇ ਹਨ। ਜਿਨ੍ਹਾਂ ਕਵੀਆਂ ਦੇ ਕਲਾਮ ਨੂੰ ਗੁਰਦੁਆਰਿਆਂ ਵਿੱਚ ਗਾਏ ਜਾਣ ਦੀ ਪ੍ਰਵਾਨਗੀ ਪ੍ਰਾਪਤ ਹੈ, ਉਨ੍ਹਾਂ ਵਿੱਚ ਗੁਰਬਾਣੀ, ਗੁਰੂ ਗੋਬਿੰਦ ਸਿੰਘ ਜੀ ਦੀ ਬਾਣੀ ਅਤੇ ਭਾਈ ਨੰਦ ਲਾਲ ਗੋਯਾ ਤੋਂ ਇਲਾਵਾ ਭਾਈ ਗੁਰਦਾਸ ਜੀ ਦਾ ਨਾਂ ਵੀ ਸ਼ਾਮਿਲ ਹੈ। ਉਂਜ ਵੀ ਭਾਈ ਗੁਰਦਾਸ ਜੀ ਗੁਰੂ ਘਰ ਦੇ ਨਿਕਟਵਰਤੀ ਸਨ।

ਸਿੱਖ ਪੰਥ ਦੇ ਸਭ ਤੋਂ ਪਹਿਲੇ ਮਹਾਨ ਵਿਦਵਾਨ ਤੇ ਗੁਰਮਤਿ ਦੇ ਵਿਆਖਿਆਕਾਰ ਭਾਈ ਗੁਰਦਾਸ ਜੀ ਦੇ ਜਨਮ ਬਾਰੇ ਕੋਈ ਠੋਸ ਤੇ ਪੱਕਾ ਹਵਾਲਾ ਨਹੀਂ ਮਿਲਦਾ। ਉਨ੍ਹਾਂ ਦੇ ਜੀਵਨ ਬਾਰੇ ਸਿਰਫ ਅੰਦਾਜ਼ੇ ਹੀ ਲਗਾਏ ਗਏ ਹਨ, ਸਹੀ ਜਾਣਕਾਰੀ ਕਿਤੋਂ ਵੀ ਨਹੀਂ ਮਿਲਦੀ। ਗਿਆਨੀ ਨਰੈਣ ਸਿੰਘ ਨੇ ਉਨ੍ਹਾਂ ਦਾ ਜਨਮ 2 ਕੱਤਕ ਸੰਮਤ 1612 ਲਿਖਿਆ ਹੈ, ਜਦ ਕਿ ਡਾ. ਸੁਖਦਿਆਲ ਸਿੰਘ ਉਨ੍ਹਾਂ ਦਾ ਜਨਮ 1553 ਈ. ਮੰਨਦੇ ਹਨ। ਆਪ ਜੀ ਦਾ ਜਨਮ ਗੁਰੂ ਅਮਰਦਾਸ ਜੀ ਦੇ ਪਿੰਡ ਬਾਸਰਕੇ ਵਿਖੇ ਹੋਇਆ। ਆਪ ਦੇ ਪਿਤਾ ਦਾ ਨਾਂ ਭਾਈ ਈਸ਼ਰ ਦਾਸ ਸੀ, ਜੋ ਗੁਰੂ ਅਮਰਦਾਸ ਜੀ ਦੇ ਚਚੇਰੇ ਭਰਾ ਸਨ। ਆਪ ਦੀ ਉਮਰ ਕਰੀਬ ਤਿੰਨ ਸਾਲ ਦੀ ਹੀ ਸੀ ਕਿ ਪਿਤਾ ਦਾ ਦੇਹਾਂਤ ਹੋ ਗਿਆ। ਆਪ ਦੇ ਮਾਤਾ ਜੀ ਆਪ ਨੂੰ ਗੁਰੂ ਅਮਰਦਾਸ ਜੀ ਦੀ ਛਤਰ- ਛਾਇਆ ਵਿੱਚ ਗੋਇੰਦਵਾਲ ਸਾਹਿਬ ਲੈ ਆਏ। ਆਪ ਰਿਸ਼ਤੇ ਵਜੋਂ ਗੁਰੂ ਅਮਰਦਾਸ ਜੀ ਦੇ ਭਤੀਜੇ ਅਤੇ ਗੁਰੂ ਅਰਜਨ ਦੇਵ ਜੀ ਦੇ ਮਾਮਾ ਜੀ ਲੱਗਦੇ ਸਨ। ਭਾਈ ਗੁਰਦਾਸ ਜੀ ਨੂੰ ਚਾਰ ਗੁਰੂ ਸਾਹਿਬਾਨ ਦੀ ਹਜ਼ੂਰੀ ਵਿੱਚ ਰਹਿਣ ਦਾ ਸੁਭਾਗ ਪ੍ਰਾਪਤ ਹੋਇਆ ਅਤੇ (ਗਿ.ਨਰੈਣ ਸਿੰਘ ਮੁਤਾਬਕ) ਅੰਦਾਜ਼ਨ 1686 ਸੰਮਤ ਵਿੱਚ ਆਪ ਚਲਾਣਾ ਕਰ ਗਏ। ਡਾ. ਸੁਖਦਿਆਲ ਸਿੰਘ ਉਨ੍ਹਾਂ ਦੇ ਅਕਾਲ ਚਲਾਣੇ ਦੀ ਮਿਤੀ 1629 ਈ. ਮੰਨਦੇ ਹਨ। ਆਪ ਦੀ ਰਚਨਾ ਭਾਵੇਂ ਗੁਰੂ ਗ੍ਰੰਥ ਸਾਹਿਬ ਵਿੱਚ ਸ਼ਾਮਲ ਨਹੀਂ ਹੈ, ਪਰ ਇਸ ਰਚਨਾ ਨੂੰ 'ਗੁਰਬਾਣੀ ਦੀ ਕੁੰਜੀ' ਹੋਣ ਦਾ ਮਾਣ ਪ੍ਰਾਪਤ ਹੈ :

ਗੁਰਬਾਣੀ ਦੀ ਕੁੰਜੀ ਬਾਣੀ ਜੋ ਭਾਈ ਗੁਰਦਾਸ ਵਖਾਣੀ।

ਆਪ ਨੂੰ ਗੁਰੂ ਗ੍ਰੰਥ ਸਾਹਿਬ ਦੇ ਪਹਿਲੇ ਲਿਖਾਰੀ ਹੋਣ ਦਾ ਮਾਣ ਪ੍ਰਾਪਤ ਹੈ, ਜਿਸ ਦੀ ਸੰਪਾਦਨਾ ਗੁਰੂ ਅਰਜਨ ਦੇਵ ਜੀ ਨੇ 1604 ਈ. ਵਿਚ ਕੀਤੀ ਸੀ। ਅਕਾਲ ਤਖਤ ਸਾਹਿਬ ਦੇ ਪਹਿਲੇ ਜਥੇਦਾਰ ਹੋਣ ਦਾ ਸੁਭਾਗ ਵੀ ਆਪ ਨੂੰ ਮਿਲਿਆ। ਆਪ ਦੀ ਪੰਜਾਬੀ ਰਚਨਾ ਵਾਰਾਂ ਦੇ ਰੂਪ ਵਿੱਚ ਮਿਲਦੀ ਹੈ, ਜਿਨ੍ਹਾਂ ਦੀ ਗਿਣਤੀ 40 ਮੰਨੀ ਗਈ ਹੈ। ਇਸ ਤੋਂ ਬਿਨਾਂ ਆਪ ਨੇ ਕੁਝ ਕਬਿੱਤ ਅਤੇ ਸਵੱਈਆਂ ਦੀ ਰਚਨਾ ਵੀ ਕੀਤੀ, ਜੋ ਬ੍ਰਜ ਭਾਸ਼ਾ ਵਿੱਚ ਹਨ।

ਆਪ ਦੀਆਂ ਵਾਰਾਂ ਵਿੱਚ ਗੁਰਬਾਣੀ ਦੇ ਗੁੱਝੇ ਭਾਵਾਂ, ਰਹੱਸਾਂ ਨੂੰ ਖੋਲ੍ਹਣ ਦਾ ਯਤਨ ਕੀਤਾ ਗਿਆ ਹੈ। ਸਿੱਖ ਧਰਮ ਦੇ ਪ੍ਰਚਾਰਕ ਵਜੋਂ ਆਪ ਨੇ ਲਾਹੌਰ, ਆਗਰਾ, ਕਾਂਸ਼ੀ ਆਦਿ ਅਸਥਾਨਾਂ ਤੇ ਸਿੱਖ ਧਰਮ ਦਾ ਪ੍ਰਚਾਰ-ਪ੍ਰਸਾਰ ਕੀਤਾ। ਆਪ ਗੁਰਮੁਖੀ, ਬ੍ਰਜ, ਹਿੰਦੀ, ਅਰਬੀ, ਫਾਰਸੀ ਦੇ ਬਹੁਤ ਵੱਡੇ ਵਿਦਵਾਨ ਸਨ। ਸਿੱਖ ਸਿਧਾਂਤ, ਸਿੱਖ ਦਰਸ਼ਨ ਅਤੇ ਹੋਰ ਧਰਮਾਂ ਦੇ ਸਾਹਿਤ ਤੇ ਦਰਸ਼ਨ ਬਾਰੇ ਆਪ ਨੂੰ ਡੂੰਘੀ ਜਾਣਕਾਰੀ ਸੀ। ਭਾਈ ਗੁਰਦਾਸ ਦੀ ਰਚਨਾ ਨੂੰ 'ਸਿੱਖੀ ਦਾ ਰਹਿਤਨਾਮਾ' ਵਜੋਂ ਵੀ ਸਵੀਕਾਰ ਕੀਤਾ ਗਿਆ ਹੈ।

ਗੁਰੂ ਨਾਨਕ ਦੇਵ ਜੀ ਦੀ ਸ਼ਖ਼ਸੀਅਤ ਅਤੇ ਉਨ੍ਹਾਂ ਦੇ ਸਮੇਂ ਬਾਰੇ ਸਭ ਤੋਂ ਪ੍ਰਮਾਣਿਕ ਅਤੇ ਸਟੀਕ ਹਵਾਲੇ ਭਾਈ ਗੁਰਦਾਸ ਜੀ ਦੀਆਂ ਵਾਰਾਂ ਵਿੱਚੋਂ ਹੀ ਮਿਲਦੇ ਹਨ। ਅਸਲ ਵਿੱਚ ਭਾਈ ਗੁਰਦਾਸ ਜੀ ਦੀ ਪਹਿਲੀ ਵਾਰ ਵਿੱਚ ਹੀ ਗੁਰੂ ਨਾਨਕ ਦੇਵ ਜੀ ਬਾਰੇ ਭਰਪੂਰ ਚਰਚਾ ਮਿਲਦੀ ਹੈ, ਜਦ ਕਿ ਗਿਆਰ੍ਹਵੀਂ, ਚੌਵੀਵੀਂ, ਪੱਚੀਵੀਂ ਅਤੇ ਛੱਬੀਵੀਂ ਆਦਿ ਵਾਰਾਂ ਦੀਆਂ ਵੱਖ-ਵੱਖ ਪਉੜੀਆਂ ਵਿੱਚ ਵੀ ਗੁਰੂ-ਬਾਬੇ ਬਾਰੇ ਉਲੇਖਯੋਗ ਰੂਪ ਵਿੱਚ ਚਰਚਾ ਮਿਲਦੀ ਹੈ। ਭਾਈ ਗੁਰਦਾਸ ਦੀ ਪਹਿਲੀ ਵਾਰ ਵਿੱਚ 49 ਪਉੜੀਆਂ ਹਨ। ਇਸ ਵਿਚ ਉਨ੍ਹਾਂ ਨੇ ਗੁਰੂ ਨਾਨਕ ਦੇਵ ਜੀ ਦੇ ਆਗਮਨ ਤੋਂ ਪਹਿਲਾਂ ਸ੍ਰਿਸ਼ਟੀ ਰਚਨਾ, ਮਨੁੱਖਾ ਜੂਨ ਦੀ ਉਤਪਤੀ, ਚਾਰ ਯੁੱਗਾਂ ਦੀ ਸਥਾਪਨਾ, ਚਾਰ ਵਰਨਾਂ, ਹਿੰਦੂ ਮੁਸਲਮਾਨਾਂ ਦੇ ਝਗੜੇ ਆਦਿ ਦਾ ਵਰਣਨ ਕਰਨ ਪਿੱਛੋਂ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਮਹੱਤਵਪੂਰਨ ਤੱਥਾਂ ਦੀ ਨਿਸ਼ਾਨਦੇਹੀ ਕੀਤੀ ਹੈ। ਇਨ੍ਹਾਂ ਪਉੜੀਆਂ ਵਿੱਚ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼, ਉਨ੍ਹਾਂ ਦਾ ਘਰੋਂ ਚੱਲਣਾ, ਉਸ ਸਮੇਂ ਦੇ ਹਾਲਾਤ ਦਾ ਵਰਣਨ, ਰਾਜਿਆਂ ਵਿੱਚ ਹਉਮੈ ਦਾ ਹੰਕਾਰ, ਗੁਰੂ ਨਾਨਕ ਦਾ ਸੁਮੇਰ ਪਰਬਤ ਤੇ ਪਹੁੰਚਣਾ, ਸਿੱਧਾਂ ਨਾਲ ਸਵਾਲ ਜਵਾਬ, ਕਲਯੁਗ ਵਿੱਚ ਹਨੇਰਗਰਦੀ ਦਾ ਵਰਣਨ, ਸਿੱਧਾਂ ਵੱਲੋਂ ਗੁਰੂ ਜੀ ਦੀ ਪ੍ਰੀਖਿਆ, ਗੁਰੂ ਜੀ ਦੇ ਮੱਕੇ ਦੀ ਯਾਤਰਾ, ਕਾਜ਼ੀਆਂ-ਮੌਲਵੀਆਂ ਵੱਲੋਂ ਗੁਰੂ ਜੀ ਨਾਲ ਬਹਿਸ, ਗੁਰੂ ਜੀ ਦੀ ਮੱਕੇ ਵਿੱਚ ਜਿੱਤ, ਗੁਰੂ ਜੀ ਦਾ ਬਗਦਾਦ ਪਹੁੰਚਣਾ, ਗੁਰੂ ਜੀ ਦੀ ਕਲਾ, ਸਤਿਨਾਮ ਦਾ ਚੱਕਰ, ਕਰਤਾਰਪੁਰ ਰਹਿਣਾ, ਸ਼ਿਵਰਾਤਰੀ ਦਾ ਮੇਲਾ, ਜੋਗੀਆਂ ਨਾਲ ਚਰਚਾ, ਸਿੱਧਾਂ ਵੱਲੋਂ ਕਰਾਮਾਤਾਂ, ਸਿੱਧਾਂ ਨਾਲ ਫੇਰ ਸਵਾਲ ਜਵਾਬ, ਸੱਚੇ ਸ਼ਬਦ ਦਾ ਪ੍ਰਤਾਪ, ਸਿੱਧਾਂ ਨੂੰ ਜਿੱਤਣਾ ਤੇ ਮੁਲਤਾਨ ਜਾਣਾ ਆਦਿ ਦਾ ਬਿਰਤਾਂਤ ਹੈ। ਇਨ੍ਹਾਂ ਵਾਰਾਂ ਵਿੱਚ ਗੁਰੂ ਨਾਨਕ ਦੇਵ ਜੀ ਦਾ ਜਨਮ, ਜੋਤੀ ਜੋਤਿ ਦੀਆਂ ਤਰੀਕਾਂ ਅਤੇ ਉਨ੍ਹਾਂ ਦੇ ਸਕੇ-ਸਬੰਧੀਆਂ ਦਾ ਕੋਈ ਵੇਰਵਾ ਤਾਂ ਨਹੀਂ ਹੈ, ਪਰ ਗੁਰੂ ਜੀ ਦੇ ਪ੍ਰਭਾਵਸ਼ਾਲੀ ਵਿਅਕਤਿੱਤਵ ਨੂੰ ਚਿੱਤਰਿਆ ਗਿਆ ਹੈ। ਇਤਿਹਾਸਕ ਪੱਖੋਂ ਇਨ੍ਹਾਂ ਵਾਰਾਂ ਵਿੱਚ ਉਸ ਸਮੇਂ ਦੀ ਸਮਾਜਿਕ, ਧਾਰਮਿਕ, ਰਾਜਨੀਤਕ ਅਵਸਥਾ ਦਾ ਡੂੰਘਾ ਵਿਸ਼ਲੇਸ਼ਣ ਕੀਤਾ ਗਿਆ ਹੈ। ਭਾਈ ਸਾਹਿਬ ਦੱਸਦੇ ਹਨ ਕਿ ਪਰਮਾਤਮਾ ਨੇ ਦੁਖੀ ਦੁਨੀਆਂ ਦੀ ਪੁਕਾਰ ਸੁਣ ਕੇ ਉਸ ਸਮੇਂ ਗੁਰੂ ਨਾਨਕ ਦੇਵ ਜੀ ਨੂੰ ਸੰਸਾਰ ਤੇ ਭੇਜਿਆ। ਹਿੰਦੁਸਤਾਨ ਵਾਸੀ ਚਾਰ ਵਰਣਾਂ (ਬ੍ਰਾਹਮਣ, ਖੱਤਰੀ, ਵੈਸ਼, ਸ਼ੂਦਰ) ਵਿੱਚ ਵੰਡੇ ਹੋਏ ਸਨ, ਪਰ ਗੁਰੂ ਨਾਨਕ ਦੇਵ ਜੀ ਨੇ ਕਲਯੁਗ ਵਿੱਚ ਅਵਤਾਰ ਧਾਰਨ ਕਰਕੇ ਦੁਨੀਆਂ ਦੇ ਲੋਕਾਂ ਨੂੰ ਸਤਿਨਾਮੁ ਦਾ ਮੰਤਰ ਦ੍ਰਿੜ੍ਹ ਕਰਵਾਇਆ ਤੇ ਇਉਂ ਕਲਯੁਗੀ ਲੋਕਾਂ ਦਾ ਉੱਧਾਰ ਕਰਨ ਦੀ ਕੋਸਿਸ਼ ਕੀਤੀ। ਧੁਰੋਂ ਬਖ਼ਿਸ਼ਸ਼ ਪ੍ਰਾਪਤ ਸਤਿਗੁਰੂ ਨੇ ਬੜੀ ਸਖ਼ਤ ਘਾਲਣਾ ਕਰਕੇ ਦੁਨੀਆਂ ਨੂੰ ਸ਼ਾਂਤ ਕਰਨ ਦਾ ਬੀੜਾ ਚੁੱਕਿਆ ਅਤੇ ਲੋਕਾਂ ਦੀ ਪੀੜਾ ਨੂੰ ਹਰਨ ਲਈ ਚਾਰ ਉਦਾਸੀਆਂ (ਪ੍ਰਚਾਰ ਦੌਰੇ) ਕੀਤੀਆਂ। ਇਨ੍ਹਾਂ ਉਦਾਸੀਆਂ ਦੌਰਾਨ ਉਹ ਵੱਖ-ਵੱਖ ਮੱਤ-ਮਤਾਂਤਰਾਂ, ਭੇਖਾਂ, ਜਾਤਾਂ-ਪਾਤਾਂ, ਵਰਣਾਂ, ਚਿਹਨਾਂ, ਧਰਮਾਂ, ਰੰਗਾਂ, ਰੂਪਾਂ, ਨਸਲਾਂ ਦੇ ਲੋਕਾਂ ਨੂੰ ਮਿਲੇ, ਜਿਨ੍ਹਾਂ ਵਿੱਚ ਜਤੀ, ਸਤੀ, ਸਿੱਧ, ਦੇਵੀ ਦੇਵਤਿਆਂ ਦੀ ਪੂਜਾ ਕਰਨ ਵਾਲੇ, ਚੰਗੇ-ਮਾੜੇ ਗੁਣਾਂ ਵਾਲੇ ਸਾਰੇ ਲੋਕ ਸ਼ਾਮਲ ਸਨ।

ਭਾਈ ਗੁਰਦਾਸ ਜੀ ਲਿਖਦੇ ਹਨ ਕਿ ਗੁਰੂ ਨਾਨਕ ਦੇਵ ਜੀ ਦੇ ਆਗਮਨ ਨਾਲ ਅਗਿਆਨਤਾ ਰੂਪੀ ਹਨੇਰਾ ਮਿਟ ਗਿਆ ਅਤੇ ਸੱਚ ਦੇ ਸੂਰਜ ਦਾ ਪ੍ਰਕਾਸ਼ ਹੋਇਆ। ਗੁਰੂ ਜੀ ਧਰਤ ਲੋਕਾਈ ਨੂੰ ਸੋਧਣ ਲਈ ਹਿੰਦੂਆਂ ਦੇ ਤੀਰਥਾਂ ਤੇ ਗਏ, ਪਰਬਤਾਂ ਤੇ ਜਾ ਕੇ ਸਿੱਧਾਂ ਜੋਗੀਆਂ ਨਾਲ ਗੋਸ਼ਟਾਂ ਕੀਤੀਆਂ ਪਰ ਕਿਧਰੇ ਵੀ ਗੁਰਮੁਖ ਬਿਰਤੀ ਵਾਲੇ ਇਨਸਾਨ ਦੇ ਦਰਸ਼ਨ ਉਨ੍ਹਾਂ ਨੂੰ ਨਹੀਂ ਹੋਏ।

ਗੁਰੂ ਜੀ ਦੀਆਂ ਯਾਤਰਾਵਾਂ ਦੌਰਾਨ ਉਨ੍ਹਾਂ ਦਾ ਸਾਥੀ ਭਾਈ ਮਰਦਾਨਾ ਵੀ ਉਨ੍ਹਾਂ ਦੇ ਨਾਲ ਸੀ :

ਇਕ ਬਾਬਾ ਅਕਾਲ ਰੂਪ ਦੂਜਾ ਰਬਾਬੀ ਮਰਦਾਨਾ।
(ਵਾਰ 1/35)

ਭਾਰਤ ਤੋਂ ਬਾਹਰ ਗੁਰੂ ਜੀ ਨੇ ਮੁਸਲਮਾਨਾਂ ਦੇ ਪਵਿੱਤਰ ਅਸਥਾਨਾਂ ਮੱਕਾ, ਮਦੀਨਾ ਅਤੇ ਬਗ.ਦਾਦ ਦੀ ਜ਼ਿਆਰਤ ਕੀਤੀ। ਮੌਲਾਣਿਆਂ ਤੇ ਕਾਜ਼ੀਆਂ ਨਾਲ ਚਰਚਾ ਕਰਕੇ ਉਨ੍ਹਾਂ ਨੂੰ ਧਰਮ ਦੇ ਅਸਲੀ ਅਰਥ ਦ੍ਰਿੜ੍ਹ ਕਰਵਾਏ ਅਤੇ ਉਨ੍ਹਾਂ ਦੇ ਅਭਿਮਾਨ ਨੂੰ ਚਕਨਾਚੂਰ ਕੀਤਾ। ਭਾਈ ਸਾਹਿਬ ਇਸ ਪ੍ਰਸੰਗ ਵਿੱਚ ਲਿਖਦੇ ਹਨ :

ਗੜ੍ਹ ਬਗਦਾਦ ਨਿਵਾਏ ਕੇ ਮੱਕਾ ਮਦੀਨਾ ਸਭ ਨਿਵਾਇਆ।

ਗੁਰੂ ਜੀ ਦੇ ਸਮੇਂ ਵਿੱਚ ਉੱਚੇ ਅਹੁਦੇ ਤੇ ਬੈਠੇ ਸਾਰੇ ਹੀ ਲੋਕ ਅੱਤਿਆਚਾਰੀ ਤੇ ਪਾਪੀ ਬਣ ਗਏ ਸਨ; ਗਿਆਨ ਵਿਹੂਣੇ ਲੋਕੀਂ ਕੂੜ ਤੇ ਝੂਠ ਬੋਲੀ ਜਾ ਰਹੇ ਸਨ; ਨਿਆਂ ਤੇ ਇਨਸਾਫ਼ ਕਰਨ ਵਾਲੇ ਮੁਸਲਮਾਨ ਕਾਜ਼ੀ ਰਿਸ਼ਵਤਾਂ ਲੈ ਕੇ ਗਲਤ ਫੈਸਲੇ ਕਰੀ ਜਾ ਰਹੇ ਸਨ; ਹਰ ਤਰ੍ਹਾਂ ਦੇ ਕਾਰਜ ਨੂੰ ਸਿਰਫ ਪੈਸੇ ਦੀ ਦ੍ਰਿਸ਼ਟੀ ਤੋਂ ਵੇਖਿਆ ਜਾ ਰਿਹਾ ਸੀ। ਅਜਿਹੇ ਕਲਯੁਗੀ ਸਮੇਂ ਨੂੰ ਭਾਈ ਸਾਹਿਬ ਨੇ ਬੜੇ ਹੀ ਸਟੀਕ ਢੰਗ ਨਾਲ ਅਭਿਵਿਅਕਤੀ ਦਿੱਤੀ ਹੈ :

ਕਲਿ ਆਈ ਕੁੱਤੇ ਮੁਹੀ ਖਾਜ ਹੋਆ ਮੁਰਦਾਰ ਗੁਸਾਈ।
ਰਾਜੇ ਪਾਪ ਕਮਾਂਵਦੇ ਉਲਟੀ ਵਾੜ ਖੇਤ ਕਉ ਖਾਈ।
ਪਰਜਾ ਅੰਧੀ ਗਿਆਨ ਬਿਨ ਕੂੜ ਕੁਸੱਤ ਮੁਖਹੁ ਆਲਾਈ।
ਚੇਲੇ ਸਾਜ ਵਜਾਇੰਦੇ ਨੱਚਣ ਗੁਰੂ ਬਹੁਤ ਬਿਧ ਭਾਈ।
ਸੇਵਕ ਬੈਠਨ ਘਰਾਂ ਵਿੱਚ ਗੁਰ ਉਠ ਘਰੀਂ ਤਿਨਾੜੇ ਜਾਈ।
ਕਾਜ਼ੀ ਹੋਏ ਰਿਸ਼ਵਤੀ ਵੱਢੀ ਲੈ ਕੇ ਹੱਕ ਗਵਾਈ।
ਇਸਤ੍ਰੀ ਪੁਰਖੈ ਦਾਮ ਹਿਤ ਭਾਵੈਂ ਆਇ ਕਿਥਾਊਂ ਜਾਈ।
ਵਰਤਿਆ ਪਾਪ ਸਭਸੁ ਜਗ ਮਾਂਹੀ। **(ਵਾਰ 1/30)**

ਜਿੱਥੇ ਜਿੱਥੇ ਵੀ ਗੁਰੂ ਨਾਨਕ ਦੇਵ ਜੀ ਦੇ ਮੁਬਾਰਕ ਕਦਮ ਪਏ, ਉੱਥੇ ਉੱਥੇ ਸਭ ਧਰਮਾਂ ਦੇ ਲੋਕ ਉਨ੍ਹਾਂ ਨੂੰ ਆਪੋ ਆਪਣਾ ਗੁਰੂ/ ਪੀਰ ਮੰਨਣ ਲੱਗ ਪਏ ਅਤੇ ਲੋਕਾਂ ਨੇ ਧਰਮਸ਼ਾਲਾਵਾਂ ਸਥਾਪਤ ਕਰਕੇ ਹਰਿ-ਕੀਰਤਨ ਸ਼ੁਰੂ ਕਰ ਦਿੱਤਾ :

ਘਰ ਘਰ ਬਾਬਾ ਪੂਜੀਐ ਹਿੰਦੂ ਮੁਸਲਮਾਨ ਦੁਆਈ।
(ਵਾਰ 1/34)
ਘਰ ਘਰ ਅੰਦਰ ਧਰਮਸਾਲ ਹੋਵੈ ਕੀਰਤਨ ਸਦਾ ਵਿਸੋਆ।
(ਵਾਰ 1/27)

ਵੇਈਂ ਨਦੀ ਵਿੱਚ ਇਸ਼ਨਾਨ ਕਰਨ ਗਏ ਗੁਰੂ ਜੀ ਜਦੋਂ ਨਦੀ ਤੋਂ ਬਾਹਰ ਆਏ ਤਾਂ ਉਨ੍ਹਾਂ ਦੇ ਮੁਖਾਰਬਿੰਦ 'ਚੋਂ ਜਿਹੜਾ ਪਹਿਲਾਂ ਵਾਕ ਨਿਕਲਿਆ ਸੀ, ਉਹ ਸੀ- "ਨਾ ਕੋ ਹਿੰਦੂ ਨਾ ਮੁਸਲਮਾਨ"। ਜਦੋਂ ਗੁਰੂ ਜੀ ਨੂੰ ਪੁੱਛਿਆ ਗਿਆ ਕਿ ਜੇ ਕੋਈ ਹਿੰਦੂ ਜਾਂ ਮੁਸਲਮਾਨ ਨਹੀਂ ਹੈ, ਤਾਂ ਅਸੀਂ ਕਿਸ ਨੂੰ ਮੰਨੀਏ, ਕਿਸ ਰਾਹ ਤੇ ਤੁਰੀਏ। ਗੁਰੂ ਜੀ ਨੇ ਫ਼ਰਮਾਇਆ : ਖੁਦਾ ਦੇ ਰਾਹ ਤੇ ਚੱਲੋ; ਉਹ ਨਾ ਹਿੰਦੂ ਹੈ ਨਾ ਮੁਸਲਮਾਨ। ਮੱਕੇ ਦੀ ਧਰਤੀ ਉੱਤੇ ਜਦੋਂ ਗੁਰੂ ਨਾਨਕ ਦੇਵ ਜੀ ਨੂੰ ਕਾਜ਼ੀਆਂ ਨੇ ਪੁੱਛਿਆ ਕਿ ਤੁਹਾਡੀ ਨਜ਼ਰ ਵਿੱਚ ਹਿੰਦੂ ਵੱਡਾ ਹੈ ਜਾਂ ਮੁਸਲਮਾਨ, ਤਾਂ ਗੁਰੂ ਜੀ ਦਾ ਉੱਤਰ ਸਾਫ਼ ਤੇ ਸਪਸ਼ਟ ਸੀ :

ਪੁੱਛਣ ਗੱਲ ਈਮਾਨ ਦੀ ਕਾਜ਼ੀ ਮੁੱਲਾਂ ਇਕੱਠੇ ਹੋਈ।
ਵੱਡਾ ਸਾਂਗ ਵਰਤਾਇਆ ਲਖ ਨ ਸਕੇ ਕੁਦਰਤ ਕੋਈ।
ਪੁੱਛਣ ਖੋਲ੍ਹ ਕਿਤਾਬ ਨੂੰ ਵੱਡਾ ਹਿੰਦੂ ਕਿ ਮੁਸਲਮਾਨੋਈ।
ਬਾਬਾ ਆਖੇ ਹਾਜੀਆਂ ਸ਼ੁਭ ਅਮਲਾਂ ਬਾਝੋਂ ਦੋਵੇਂ ਰੋਈ।
ਹਿੰਦੂ ਮੁਸਲਮਾਨ ਦੋਇ ਦਰਗਹ ਅੰਦਰ ਲੈਨ ਨ ਢੋਈ।
ਕੱਚਾ ਰੰਗ ਕੁਸੁੰਭ ਦਾ ਪਾਣੀ ਧੋਤੈ ਥਿਰ ਨ ਰਹੋਈ।
ਕਰਨ ਬਖੀਲੀ ਆਪ ਵਿਚ ਰਾਮ ਰਹੀਮ ਕੁਥਾਇ ਖਲੋਈ।
ਰਾਹ ਸ਼ੈਤਾਨੀ ਦੁਨੀਆ ਗੋਈ। **(ਵਾਰ 1/33)**

ਦੇਸ਼-ਵਿਦੇਸ਼ ਦਾ ਭ੍ਰਮਣ ਕਰਨ ਪ


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage

ਸੁਰਗਵਾਸੀ ਸ. ਰਣਜੀਤ ਸਿੰਘ ਦੀ ਯਾਦ ਵਿੱਚ

ਗੁਰਦੁਆਰਾ ਸਾਹਿਬ ਵਿਖੇ ਸਰਕਾਰੀ ਨਲਕਾ ਲਗਾਇਆ ਗਿਆ



ਚੌਕ ਮਹਿਤਾ, 28 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਗੁਰਦੁਆਰਾ ਮੋਦਨਾ ਦੀ ਪੱਤੀ ਵਿੱਖੇ ਸ, ਬਲਜੀਤ ਸਿੰਘ ਚਾਹਲ ਉਦੋਂ ਨੰਗਲ ਜਨਰਲ ਸੈਕਟਰੀ ਪੰਜਾਬ, ਜਰਮਨ ਸਿੰਘ ਉਦੋ ਨੰਗਲ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਦੀ ਅਗਵਾਈ ਹੇਠ ਸੁਰਗਵਾਸੀ ਸ, ਰਣਜੀਤ ਸਿੰਘ ਦੀ ਯਾਦ ਵਿੱਚ ਸਰਕਾਰੀ ਨਲਕਾ ਲਗਾਇਆ ਗਿਆ। ਇਹ ਨਲ਼ਕੇ ਦਾ ਬੋਰ ਤਕਰੀਬਨ 400 ਫੁੱਟ ਕੀਤਾ ਗਿਆ। ਇਹ ਨਲ਼ਕਾ ਪੰਜਾਬ ਸਰਕਾਰ ਆਮ ਆਦਮੀ ਪਾਰਟੀ ਵੱਲੋਂ ਲਵਾਇਆ ਗਿਆ। ਇਸ ਮੌਕੇ ਤੇ ਉਦੋ ਨੰਗਲ ਦੇ ਆਮ ਆਦਮੀ ਪਾਰਟੀ ਦੇ ਸੀਨੀਅਰ ਲੀਡਰਸ਼ਿਪ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਅਤੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਸ, ਬਲਜੀਤ ਸਿੰਘ ਚਾਹਲ ਉਦੋਂ ਨੰਗਲ ਜਨਰਲ ਸੈਕਟਰੀ ਪੰਜਾਬ, ਜਰਮਨ ਸਿੰਘ ਉਦੋ ਨੰਗਲ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਮੈਂਬਰ ਅਮਰਜੀਤ ਸਿੰਘ ਮੈਂਬਰ ਕੇਵਲ ਸਿੰਘ, ਕੁਲਦੀਪ ਸਿੰਘ, ਜਗਤਾਰ ਸਿੰਘ, ਦਲੇਰ ਸਿੰਘ ਆਦਿ ਸੀਨੀਅਰ ਲੀਡਰ ਹਾਜ਼ਰ ਸਨ।

ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ

ਯੈਲੋ ਡੇਅ ਦੀਆਂ ਰੌਣਕਾਂ



ਬਿਲਾਸਪੁਰ/ਮੋਗਾ (ਵਰਿਆਮ ਹਠੂਰ)-ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ (ਮੋਗਾ) ਵਿਖੇ ਪ੍ਰੀ-ਪ੍ਰਾਇਮਰੀ ਵਿਭਾਗ ਦੇ ਨੰਨ੍ਹੇ-ਮੁੰਨੇ ਵਿਦਿਆਰਥੀਆਂ ਲਈ 'ਯੈਲੋ ਡੇਅ' ਬੜੇ ਉਤਸ਼ਾਹ, ਚਾਅ ਅਤੇ ਖੁਸ਼ੀਆਂ ਭਰੇ ਮਾਹੌਲ ਵਿੱਚ ਮਨਾਇਆ ਗਿਆ। ਇਸ ਵਿਸ਼ੇਸ਼ ਦਿਨ ਮੌਕੇ ਸਕੂਲ ਦਾ ਸਮੁੱਚਾ ਪ੍ਰੀ-ਪ੍ਰਾਇਮਰੀ ਵਿੰਗ ਯੈਲੋ ਰੰਗ ਦੀਆਂ ਰੌਣਕਾਂ ਨਾਲ ਸਜਿਆ ਨਜ਼ਰ ਆਇਆ। ਯੈਲੋ ਰੰਗ ਦੇ ਮਨਮੋਹਕ ਪਹਿਰਾਵਿਆਂ ਵਿੱਚ ਸਜੇ ਬੱਚਿਆਂ ਦੀਆਂ ਮੁਸਕਰਾਹਟਾਂ ਨੇ ਸਮਾਗਮ ਨੂੰ ਹੋਰ ਵੀ ਯਾਦਗਾਰੀ ਬਣਾ ਦਿੱਤਾ। ਇਸ ਗਤੀਵਿਧੀ ਦਾ ਮੁੱਖ ਉਦੇਸ਼ ਬੱਚਿਆਂ ਨੂੰ ਯੈਲੋ ਰੰਗ ਦੀ ਪਛਾਣ ਕਰਵਾਉਣਾ ਅਤੇ ਖੇਡ-ਖੇਡ ਵਿੱਚ ਸਿੱਖਣ ਦੀ ਪ੍ਰਕਿਰਿਆ ਨੂੰ ਹੋਰ ਦਿਲਚਸਪ ਬਣਾਉਣਾ ਸੀ। ਅਧਿਆਪਕਾਂ ਵੱਲੋਂ ਬੱਚਿਆਂ ਨੂੰ ਯੈਲੋ ਰੰਗ ਨਾਲ ਸਬੰਧਤ ਵੱਖ-ਵੱਖ ਵਸਤੂਆਂ ਜਿਵੇਂ ਕਿ ਫ਼ਲ,ਗ਼ੁਬਾਰੇ ਅਤੇ ਖਿਡੌਣਿਆਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਬੱਚਿਆਂ ਲਈ ਰੰਗਾਂ ਦੀ ਪਛਾਣ, ਚਿੱਤਰਕਾਰੀ, ਰੰਗ ਭਰਨ, ਵਸਤੂਆਂ ਦੀ ਪਛਾਣ ਅਤੇ ਹੋਰ ਮਨੋਰੰਜਕ ਗਤੀਵਿਧੀਆਂ ਕਰਵਾਈਆਂ ਗਈਆਂ। ਨੰਨ੍ਹੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਇਨ੍ਹਾਂ ਗਤੀਵਿਧੀਆਂ ਵਿੱਚ ਹਿੱਸਾ ਲਿਆ ਅਤੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।

ਇਸ ਦੌਰਾਨ ਬੱਚਿਆਂ ਨੂੰ ਰੋਜ਼ਾਨਾ ਜੀਵਨ ਵਿੱਚ ਵਰਤੀਆਂ ਜਾਣ ਵਾਲੀਆਂ ਯੈਲੋ ਰੰਗ ਦੀਆਂ ਵਸਤੂਆਂ ਦੀ ਪਛਾਣ ਕਰਨ ਲਈ ਵੀ ਪ੍ਰੇਰਿਤ ਕੀਤਾ ਗਿਆ। ਅਜਿਹੀਆਂ ਗਤੀਵਿਧੀਆਂ ਰਾਹੀਂ ਬੱਚਿਆਂ ਦੀ ਨਿਰੀਖਣ ਸ਼ਕਤੀ, ਇਕਾਗਰਤਾ, ਭਾਸ਼ਾਈ ਯੋਗਤਾ ਅਤੇ ਆਤਮ-ਵਿਸ਼ਵਾਸ ਨੂੰ ਵਿਕਸਤ ਕਰਨ ਦਾ ਯਤਨ ਕੀਤਾ ਗਿਆ। ਸਕੂਲ ਪ੍ਰਬੰਧਕੀ ਕਮੇਟੀ ਦੇ ਪ੍ਰਧਾਨ ਸਰਦਾਰ ਚਰਨ ਸਿੰਘ ਸਕੂਲ ਚੇਅਰਮੈਨ ਯੋਗਿੰਦਰ ਪ੍ਰਸਾਦ ਸ਼ਰਮਾ ਤੇ ਪ੍ਰਿੰਸੀਪਲ ਜਸਮੇਲ ਸਿੰਘ ਕਲਸੀ ਨੇ ਕਿਹਾ ਕਿ ਮੁੱਢਲੀ ਸਿੱਖਿਆ ਦੌਰਾਨ ਬੱਚਿਆਂ ਨੂੰ ਸਿਰਫ਼ ਕਿਤਾਬਾਂ ਤੱਕ ਸੀਮਤ ਰੱਖਣ ਦੀ ਬਜਾਏ ਗਤੀਵਿਧੀਆਂ ਰਾਹੀਂ ਸਿਖਾਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਰੰਗਾਂ ਨਾਲ ਸਬੰਧਤ ਅਜਿਹੇ ਸਮਾਗਮ ਬੱਚਿਆਂ ਦੇ ਬੌਧਿਕ, ਮਾਨਸਿਕ, ਸਮਾਜਿਕ ਅਤੇ ਰਚਨਾਤਮਕ ਵਿਕਾਸ ਵਿੱਚ ਅਹਿਮ ਯੋਗਦਾਨ ਪਾਉਂਦੇ ਹਨ। ਜਦੋਂ ਬੱਚੇ ਖੁਸ਼ੀ-ਖੁਸ਼ੀ ਕਿਸੇ ਗਤੀਵਿਧੀ ਵਿੱਚ ਭਾਗ ਲੈਂਦੇ ਹਨ ਤਾਂ ਉਨ੍ਹਾਂ ਦੀ ਸਿੱਖਣ ਪ੍ਰਤੀ ਦਿਲਚਸਪੀ ਹੋਰ ਵਧਦੀ ਹੈ।

ਉਨ੍ਹਾਂ ਅੱਗੇ ਕਿਹਾ ਕਿ ਸੁਪਰੀਮ ਕੌਨਵੈਂਟ ਸਕੂਲ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਦੇ ਨਾਲ-ਨਾਲ ਅਜਿਹਾ ਖੁਸ਼ਨੁਮਾ ਅਤੇ ਸਿਰਜਣਾਤਮਕ ਮਾਹੌਲ ਪ੍ਰਦਾਨ ਕਰਨਾ ਹੈ, ਜਿੱਥੇ ਹਰ ਬੱਚਾ ਆਪਣੀ ਛੁਪੀ ਹੋਈ ਪ੍ਰਤਿਭਾ ਨੂੰ ਨਿਖਾਰ ਸਕੇ।

ਅੰਤ ਵਿੱਚ ਪ੍ਰਿੰਸੀਪਲ ਸਾਹਿਬ ਨੇ ਪ੍ਰੀ-ਪ੍ਰਾਇਮਰੀ ਵਿਭਾਗ ਦੇ ਸਮੂਹ ਅਧਿਆਪਕਾਂ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਬੱਚਿਆਂ ਦੇ ਮਨਾਂ ਵਿੱਚ ਸਕੂਲ ਅਤੇ ਸਿੱਖਿਆ ਪ੍ਰਤੀ ਪਿਆਰ ਪੈਦਾ ਕਰਦੇ ਹਨ। ਇਸ ਤਰ੍ਹਾਂ ਯੈਲੋ ਡੇਅ ਦਾ ਇਹ ਸਮਾਗਮ ਨੰਨ੍ਹੇ-ਮੁੰਨੇ ਬੱਚਿਆਂ ਲਈ ਸਿੱਖਿਆ, ਮਨੋਰੰਜਨ ਅਤੇ ਖੁਸ ਦਾ ਸੁੰਦਰ ਸੁਮੇਲ ਹੋ ਨਿੱਬੜਿਆ।

ਮਲਹੋਤਰਾ ਪਰਿਵਾਰ ਨੂੰ ਸਦਮਾ, ਸਰਦਾਰ ਪ੍ਰਤਾਪ ਸਿੰਘ ਮਲਹੋਤਰਾ ਦਾ ਅਚਾਨਕ ਦੇਹਾਂਤ

ਅੰਤਿਮ ਸਸਕਾਰ ਅੱਜ ਦੁਪਹਿਰ 1 ਵਜੇ ਮੰਦਰ ਭੱਦਰਕਾਲੀ ਸ਼ਮਸ਼ਾਨਘਾਟ ਵਿਖੇ ਕੀਤਾ ਜਾਵੇਗਾ



ਜੰਡਿਆਲਾ ਗੁਰੂ 27 ਨਵੰਬਰ (ਕੁਲਵੰਤ ਸਿੰਘ ਵਿਰਦੀ)-ਸਾਬਕਾ ਕੌਂਸਲਰ ਕੁਲਵੰਤ ਸਿੰਘ ਮਲਹੋਤਰਾ ਦੇ ਚਚੇਰੇ ਭਰਾ ਸਰਦਾਰ ਪ੍ਰਤਾਪ ਸਿੰਘ ਮਲਹੋਤਰਾ (ਉਮਰ ਕਰੀਬ 65 ਸਾਲ) ਦਾ ਅਚਾਨਕ ਦੇਹਾਂਤ ਹੋ ਗਿਆ ਹੈ। ਉਨ੍ਹਾਂ ਨੂੰ ਅਚਾਨਕ ਬ੍ਰੇਨ ਅਟੈਕ ਆਇਆ, ਜਿਸ ਕਾਰਨ ਉਹ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ।ਉਨ੍ਹਾਂ ਦੀ ਅਚਾਨਕ ਮੌਤ ਦੀ ਖ਼ਬਰ ਮਿਲਦਿਆਂ ਹੀ ਮਲਹੋਤਰਾ ਪਰਿਵਾਰ 'ਚ ਸੋਗ ਛਾ ਗਿਆ ਅਤੇ ਸਮੁੱਚੇ ਇਲਾਕੇ 'ਚ ਸੋਗ ਦੀ ਲਹਿਰ ਦੌੜ ਗਈ। ਪ੍ਰਤਾਪ ਸਿੰਘ ਮਲਹੋਤਰਾ ਆਪਣੇ ਪਿੱਛੇ ਵਿਧਵਾ ਪਤਨੀ, ਦੋ ਬੇਟੀਆਂ ਤੇ ਦੋ ਬੇਟੇ ਛੱਡ ਗਏ ਹਨ। ਉਹ ਆਪਣੇ ਮਿਲਣਸਾਰ ਸੁਭਾਅ, ਸਾਦੇ ਜੀਵਨ ਅਤੇ ਸਭ ਨਾਲ ਪਿਆਰ ਨਾਲ ਰਹਿਣ ਕਰਕੇ ਜਾਣੇ ਜਾਂਦੇ ਸਨ। ਪਰਿਵਾਰਿਕ ਮੈਂਬਰਾਂ ਅਨੁਸਾਰ ਉਨ੍ਹਾਂ ਦਾ ਅੰਤਿਮ ਸਸਕਾਰ ਕੱਲ੍ਹ ਦੁਪਹਿਰ 1 ਵਜੇ ਮੰਦਰ ਭੱਦਰਕਾਲੀ ਸ਼ਮਸ਼ਾਨਘਾਟ ਵਿਖੇ ਕੀਤਾ ਜਾਵੇਗਾ।

ਕਵੀਸਰੀ ਮੁਕਾਬਲੇ ਵਿੱਚ ਆਈਡੀਆਲ ਕੌਨਵੈਂਟ ਸਕੂਲ ਦੇ ਬੱਚੇ ਪਹਿਲੇ ਨੰਬਰ ਤੇ, ਸਕੂਲ ਸਟਾਫ ਨੇ ਦੋਵਾਂ ਬੱਚਿਆਂ ਨੂੰ ਦਿੱਤੀਆਂ ਮੁਬਾਰਕਾਂ



ਹਠੂਰ/ਜਗਰਾਉਂ (ਵਰਿਆਮ ਹਠੂਰ)-ਮੀਰੀ ਪੀਰੀ ਦੇ ਮਾਲਕ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਕਸਬਾ ਹਠੂਰ ਦੀ ਭਾਗਾਂ ਭਰੀ ਧਰਤੀ ਤੇ ਸ਼ੁਸੋਭਿਤ ਇਤਿਹਾਸਕ ਗੁਰਦੁਆਰਾ ਪਾਤਸ਼ਾਹੀ ਛੇਵੀਂ ਵਿਖੇ ਕੈਲੀਫੋਰਨੀਆ ਗੱਤਕਾ ਦਲ USA, ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ, ਗੁਰਦੁਆਰਾ ਪਾਤਸ਼ਾਹੀ ਛੇਵੀਂ ਪ੍ਰਬੰਧਕ ਕਮੇਟੀ ਹਠੂਰ ਵੱਲੋਂ ਕਰਵਾਏ ਗਏ ਕਵੀਸ਼ਰੀ ਮੁਕਾਬਲੇ ਵਿੱਚ ਆਈਡੀਅਲ ਕੌਨਵੈਂਟ ਸਕੂਲ ਹਠੂਰ ਦੇ ਦੋ ਵਿਦਿਆਰਥੀ ਗੁਰਨੀਤ ਕੌਰ ਅਤੇ ਦਿਵਜੋਤ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਤੇ ਪ੍ਰਬੰਧਕਾਂ ਵੱਲੋ ਬੱਚਿਆਂ ਨੂੰ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ, ਗੱਲਬਾਤ ਕਰਦਿਆਂ ਸਕੂਲ ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ ਅਤੇ ਵਾਈਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਨੇ ਕਿਹਾ ਕਿ ਸਾਡੇ ਸਕੂਲ ਦੇ ਮਿਹਨਤੀ ਸਟਾਫ ਵੱਲੋਂ ਜਿੱਥੇ ਬੱਚਿਆਂ ਨੂੰ ਚੰਗੀ ਵਿੱਦਿਆ ਹਾਸਿਲ ਕਰਵਾਈ ਜਾਂਦੀ ਹੈ। ਉੱਥੇ ਬੱਚਿਆਂ ਨੂੰ ਕੀਰਤਨ, ਕਵੀਸ਼ਰੀ, ਧਾਰਮਿਕ ਸ਼ਬਦ ਗਾਇਨ ਕਰਨ ਲਈ ਵੀ ਤਿਆਰ ਕੀਤਾ ਜਾਂਦਾ ਹੈ। ਤੇ ਬੱਚਿਆਂ ਨੂੰ ਸਿੱਖ ਕੌਮ ਦੇ ਮਹਾਨ ਵਿਰਸੇ ਅਤੇ ਸ਼ਾਨਾਮੱਤੇ ਇਤਿਹਾਸ ਤੋਂ ਜਾਣੂੰ ਕਰਵਾਇਆ ਜਾਂਦਾ ਹੈ। ਇਸ ਤੋਂ ਇਲਾਵਾ ਬੱਚਿਆਂ ਨੂੰ ਖੇਡਾਂ ਨਾਲ ਵੀ ਜੋੜਿਆ ਜਾਂਦਾ ਹੈ। ਤੇ ਸਮੇਂ ਸਮੇਂ ਨਾਲ ਸਕੂਲ ਵਿੱਚ ਬੱਚਿਆਂ ਵਿਚਕਾਰ ਵੱਖ-ਵੱਖ ਮੁਕਾਬਲੇ ਵੀ ਕਰਵਾਏ ਜਾਂਦੇ ਹਨ। ਤੇ ਬੱਚਿਆਂ ਦਾ ਭਵਿੱਖ ਉਜਵਲ ਬਣਾਉਣ ਲਈ ਤੇ ਬੱਚਿਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਸਾਡੇ ਸਕੂਲ ਦਾ ਮਿਹਨਤੀ ਸਟਾਫ ਪੂਰੀ ਮਿਹਨਤ ਕਰਦਾ ਹੈ। ਅੰਤ ਵਿੱਚ ਉਨ੍ਹਾਂ ਕਵੀਸ਼ਰੀ ਮੁਕਾਬਲੇ ਵਿੱਚ ਜੇਤੂ ਰਹਿਣ ਵਾਲੇ ਸਕੂਲ ਦੇ ਦੋਵਾਂ ਬੱਚਿਆਂ ਨੂੰ ਮੁਬਾਰਕਾਂ ਦਿੱਤੀਆਂ ਤੇ ਅੱਗੇ ਵਾਸਤੇ ਹੋਰ ਵਧੀਆ ਮਿਹਨਤ ਕਰਕੇ ਅੱਗੇ ਆਉਣ ਲਈ ਥਾਪੜਾ ਦਿੱਤਾ।

ਖਰੜ ਦੀਆਂ ਸੁਸਾਇਟੀਆਂ 'ਤੇ ਪੁਲਿਸ ਦੀ ਸਖ਼ਤੀ ਹੁਣ ਰੋਜ਼ਾਨਾ ਹੋਵੇਗੀ ਚੈਕਿੰਗ, ਕਿਰਾਏਦਾਰਾਂ ਦੀ ਵੈਰੀਫਿਕੇਸ਼ਨ ਕਰਵਾਓ, ਨਹੀਂ ਤਾਂ ਮਕਾਨ ਮਾਲਕਾਂ 'ਤੇ ਹੋਵੇਗੀ ਕਾਰਵਾਈ- ਐਸ ਐਚ ਓ ਗੁਰਸੇਵਕ ਸਿੰਘ


ਖਰੜ, 28 ਨਵੰਬਰ (ਆਵਾਜ਼ਿ ਕੌਮ ਬਿਊਰੋ)-ਥਾਣਾ ਸਿਟੀ ਖਰੜ ਦੀ ਪੁਲਿਸ ਵੱਲੋਂ ਕਿਰਾਏਦਾਰਾਂ ਅਤੇ ਪੀ.ਜੀ. ਵਿੱਚ ਰਹਿਣ ਵਾਲੇ ਵਿਦਿਆਰਥੀਆਂ ਦੀ ਵੈਰੀਫਿਕੇਸ਼ਨ ਨੂੰ ਲੈ ਕੇ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਇੱਕ ਓਂਕਾਰ ਸੁਸਾਇਟੀ ਵਿੱਚ ਚੈਕਿੰਗ ਕੀਤੀ ਗਈ। ਇਸ ਦੌਰਾਨ ਪੁਲਿਸ ਵੈਰੀਫਿਕੇਸ਼ਨ ਤੋਂ ਬਿਨਾਂ ਰਹਿ ਰਹੇ ਚਾਰ ਵਿਅਕਤੀਆਂ ਨੂੰ ਹਿਰਾਸਤ ਵਿੱਚ ਲਿਆ ਗਿਆ, ਜਦਕਿ ਕਈ ਹੋਰ ਫਲੈਟਾਂ ਵਿੱਚ ਵੀ ਕਿਰਾਏਦਾਰਾਂ ਦੀ ਵੈਰੀਫਿਕੇਸ਼ਨ ਨਾ ਹੋਣ ਦਾ ਮਾਮਲਾ ਸਾਹਮਣੇ ਆਇਆ।ਇਸ ਸਬੰਧੀ ਥਾਣਾ ਸਿਟੀ ਖਰੜ ਦੇ ਮੁਖੀ ਗੁਰਸੇਵਕ ਸਿੰਘ ਨੇ ਦੱਸਿਆ ਕਿ ਉਕਤ ਸੁਸਾਇਟੀ ਬਾਰੇ ਲਗਾਤਾਰ ਸ਼ਿਕਾਇਤਾਂ ਮਿਲ ਰਹੀਆਂ ਸਨ ਕਿ ਇੱਥੇ ਕਈ ਫਲੈਟਾਂ ਅਤੇ ਪੀ.ਜੀ. ਵਿੱਚ ਰਹਿ ਰਹੇ ਵਿਦਿਆਰਥੀਆਂ ਤੇ ਹੋਰ ਵਿਅਕਤੀਆਂ ਦੀ ਪੁਲਿਸ ਵੈਰੀਫਿਕੇਸ਼ਨ ਨਹੀਂ ਕਰਵਾਈ ਗਈ। ਇਸ ਦੇ ਮੱਦੇਨਜ਼ਰ ਪੁਲਿਸ ਟੀਮ ਵੱਲੋਂ ਵੱਖ-ਵੱਖ ਫਲੈਟਾਂ ਦੀ ਜਾਂਚ ਕੀਤੀ ਗਈ। ਉਨ੍ਹਾਂ ਕਿਹਾ ਕਿ ਜਿਨ੍ਹਾਂ ਮਕਾਨ ਮਾਲਕਾਂ ਨੇ ਆਪਣੇ ਕਿਰਾਏਦਾਰਾਂ ਦੀ ਵੈਰੀਫਿਕੇਸ਼ਨ ਨਹੀਂ ਕਰਵਾਈ, ਉਨ੍ਹਾਂ ਖ਼ਿਲਾਫ਼ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਐੱਸ.ਐੱਚ.ਓ. ਨੇ ਦੱਸਿਆ ਕਿ ਖਰੜ ਇਲਾਕੇ ਵਿੱਚ ਬਾਹਰਲੇ ਰਾਜਾਂ ਤੋਂ ਵੱਡੀ ਗਿਣਤੀ ਵਿੱਚ ਵਿਦਿਆਰਥੀ ਪੜ੍ਹਾਈ ਲਈ ਆਉਂਦੇ ਹਨ। ਕਈ ਵਾਰ ਵਿਦਿਆਰਥੀਆਂ ਵਿਚਕਾਰ ਲੜਾਈ-ਝਗੜੇ ਦੀਆਂ ਘਟਨਾਵਾਂ ਵੀ ਵਾਪਰਦੀਆਂ ਹਨ। ਅਜਿਹੇ ਮਾਮਲਿਆਂ ਵਿੱਚ ਜੇਕਰ ਕਿਰਾਏਦਾਰਾਂ ਦਾ ਪੁਲਿਸ ਕੋਲ ਪੂਰਾ ਰਿਕਾਰਡ ਉਪਲਬਧ ਨਾ ਹੋਵੇ ਤਾਂ ਸਬੰਧਤ ਵਿਅਕਤੀਆਂ ਦੀ ਪਛਾਣ ਕਰਨਾ ਅਤੇ ਉਨ੍ਹਾਂ ਤੱਕ ਪਹੁੰਚਣਾ ਮੁਸ਼ਕਲ ਹੋ ਜਾਂਦਾ ਹੈ।ਉਨ੍ਹਾਂ ਸੁਸਾਇਟੀਆਂ ਦੇ ਪ੍ਰਧਾਨਾਂ, ਪ੍ਰਬੰਧਕ ਕਮੇਟੀਆਂ ਅਤੇ ਸੁਰੱਖਿਆ ਗਾਰਡਾਂ ਨੂੰ ਹਦਾਇਤ ਕੀਤੀ ਕਿ ਹਰੇਕ ਫਲੈਟ ਵਿੱਚ ਰਹਿਣ ਵਾਲੇ ਵਿਅਕਤੀਆਂ ਦਾ ਪੂਰਾ ਰਿਕਾਰਡ ਰੱਖਿਆ ਜਾਵੇ। ਮਕਾਨ ਮਾਲਕ ਆਪਣੇ ਕਿਰਾਏਦਾਰਾਂ ਦੀ ਸੂਚੀ ਅਤੇ ਪੂਰੀ ਜਾਣਕਾਰੀ ਵਾਲੀ ਫਾਈਲ ਤਿਆਰ ਕਰਨ। ਇਸ ਦੀ ਇੱਕ ਕਾਪੀ ਆਪਣੇ ਕੋਲ ਰੱਖਣ ਅਤੇ ਦੂਜੀ ਕਾਪੀ ਥਾਣਾ ਸਿਟੀ ਖਰੜ ਵਿੱਚ ਜਮ੍ਹਾਂ ਕਰਵਾਉਣ।

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ।।

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

Gurdwara Sahib Shaeed Baba Deep Singh ji Casalmorano Cremona (Italy)



ਮਹਾਨ ਅਵਤਾਰ ਪੁਰਬ

ਪ੍ਰਕਾਸ਼ ਪੁਰਬ:-- ਧੰਨ ਸ਼੍ਰੀ ਗੁਰੂ ਨਾਨਕ ਦੇਵ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

ਜਨਮ ਦਿਵਸ :-- ਬਾਬਾ ਗੁਰਦਿੱਤਾ ਸਾਹਿਬ ਜੀ

ਅਕਾਲ ਚਲਾਣਾ:-- ਭਾਈ ਮਰਦਾਨਾ ਸਾਹਿਬ ਜੀ

ਸ਼੍ਰੀ ਅਖੰਡ ਪਾਠ ਸਾਹਿਬ ਸੇਵਾ ਗੁਰ ਸਿੱਖ ਪ੍ਰਵਾਰ ਭਾਈ ਇੰਦਰਜੀਤ ਸਿੰਘ ਸਾਬੀ ਲੋਧੀ ਵੱਲੋ ਲਈ ਗਈ ਹੈ।

ਸਨਿੱਚਰਵਾਰ 28 ਨਵੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।

ਕੀਰਤਨੀ ਜਥਾ ਰਾਗੀ ਬੀਬੀ ਮੰਨਕਰਨ ਕੌਰ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਹਰ ਐਤਵਾਰ 29 ਨਵੰਬਰ 2026 ਨੂੰ 6:30 ਵਜੇ ਸਵੇਰੇ ਚੋਪਹਿਰਾ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੁੰਦੀ ਹੈ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 11:30 ਤੋਂ 12:40 ਮਿੰਟ ਤੱਕ ਦੀਵਾਨ ਸੱਜਣਗੇ।

ਸਟਾਲ ਵੀ ਲੱਗਣਗੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਜ਼ਰੂਰੀ ਬੇਨਤੀ : ਰੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal

Via Giacomo Matteotti 3Cap 26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ

ਭਾਈ ਮਰਦਾਨਾ ਜੀ ਦਾ ਅਕਾਲ ਚਲਾਣਾ ਦਿਵਸ ਮਨਾਇਆ



ਨਵੀਂ ਦਿੱਲੀ, 28 ਨਵੰਬਰ (ਆਵਾਜ਼ਿ ਕੌਮ ਬਿਊਰੋ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਗੁਰੂ ਘਰ ਦੇ ਮਹਾਨ ਰਬਾਬੀ ਭਾਈ ਮਰਦਾਨਾ ਜੀ ਦਾ ਅਕਾਲ ਚਲਾਣਾ ਦਿਵਸ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਮਹਾਂਬੀਰ ਸਿੰਘ ਦੇ ਜਥੇ ਨੇ ਤੰਤੀ ਸਾਜ਼ਾਂ ਨਾਲ ਗੁਰਬਾਣੀ ਕੀਰਤਨ ਕੀਤਾ।ਅਰਦਾਸ ਭਾਈ ਸਵਰਣ ਸਿੰਘ ਨੇ ਕੀਤੀ ਅਤੇ ਸੰਗਤ ਨੂੰ ਪਾਵਨ ਹੁਕਮਨਾਮਾ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਦੇ ਕਥਾਵਾਚਕ ਭਾਈ ਹਰਮਿੱਤਰ ਸਿੰਘ ਨੇ ਸਰਵਣ ਕਰਵਾਇਆ ਤੇ ਸੰਗਤਾਂ ਨਾਲ ਭਾਈ ਮਰਦਾਨਾ ਜੀ ਦੇ ਜੀਵਨ ਇਤਿਹਾਸ ਸਬੰਧੀ ਵਿਚਾਰਾਂ ਕੀਤੀਆਂ। ਇਸ ਮੌਕੇ ਪੁੱਜੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਭਾਈ ਮਰਦਾਨਾ ਜੀ ਦੇ ਜੀਵਨ ਅਤੇ ਸਿੱਖ ਇਤਿਹਾਸ ਵਿਚ ਉਨ੍ਹਾਂ ਦੇ ਮਹਾਨ ਯੋਗਦਾਨ ਨੂੰ ਯਾਦ ਕਰਦਿਆਂ ਕਿਹਾ ਕਿ ਭਾਈ ਮਰਦਾਨਾ ਜੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅਜਿਹੇ ਅਨਿੰਨ ਸਾਥੀ ਸਨ, ਜਿਨ੍ਹਾਂ ਨੇ ਆਪਣਾ ਸਮੁੱਚਾ ਜੀਵਨ ਗੁਰੂ ਸਾਹਿਬ ਦੀ ਸੰਗਤ ਅਤੇ ਸੇਵਾ ਵਿਚ ਬਤੀਤ ਕੀਤਾ। ਸ੍ਰੀ ਗੁਰੂ ਨਾਨਕ ਦੇਵ ਜੀ ਨੇ ਸਮਾਜ ਵਿਚ ਪਈਆਂ ਵੰਡੀਆਂ ਤੋਂ ਉੱਪਰ ਉੱਠ ਕੇ ਭਾਈ ਮਰਦਾਨਾ ਜੀ ਨੂੰ ਆਪਣਾ ਸਾਥੀ ਬਣਾਇਆ ਅਤੇ ਉਨ੍ਹਾਂ ਰਾਹੀਂ ਸਮੁੱਚੀ ਮਨੁੱਖਤਾ ਨੂੰ ਬਰਾਬਰਤਾ, ਸਾਂਝ ਅਤੇ ਭਾਈਚਾਰੇ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਭਾਈ ਮਰਦਾਨਾ ਜੀ ਦਾ ਜੀਵਨ ਸਿੱਖ ਸੰਗਤਾਂ ਲਈ ਪ੍ਰੇਰਣਾ ਦਾ ਸ੍ਰੋਤ ਹੈ, ਉਨ੍ਹਾਂ ਨੇ ਗੁਰੂ ਸਾਹਿਬ ਨਾਲ ਰਹਿੰਦਿਆਂ ਰਬਾਬ ਰਾਹੀਂ ਗੁਰਬਾਣੀ ਕੀਰਤਨ ਦੀ ਅਜਿਹੀ ਸੇਵਾ ਨਿਭਾਈ ਜਿਸ ਨੇ ਗੁਰਬਾਣੀ ਅਤੇ ਸੰਗੀਤ ਦੇ ਸੁਮੇਲ ਨੂੰ ਇਕ ਨਵੀਂ ਪਛਾਣ ਦਿੱਤੀ। ਐਡਵੋਕੇਟ ਧਾਮੀ ਨੇ ਸੰਗਤਾਂ ਨੂੰ ਭਾਈ ਮਰਦਾਨਾ ਜੀ ਦੁਆਰਾ ਗੁਰੂ ਸਾਹਿਬ ਨਾਲ ਨਿਭਾਈ ਸੇਵਾ ਤੋਂ ਪ੍ਰੇਰਣਾ ਲੈ ਕੇ ਨਿਮਰਤਾ ਅਤੇ ਗੁਰੂ ਪ੍ਰਤੀ ਸਮਰਪਣ ਦੀ ਭਾਵਨਾ ਨੂੰ ਆਪਣੇ ਜੀਵਨ ਵਿਚ ਵਸਾਉਣ ਦੀ ਅਪੀਲ ਕੀਤੀ। ਸਮਾਗਮ 'ਚ ਵਿਸ਼ਵ ਰਬਾਬੀ ਭਾਈ ਮਰਦਾਨਾ ਜੀ ਵੈਲਫੇਅਰ ਸੁਸਾਇਟੀ ਪੰਜਾਬ ਦੇ ਨੁਮਾਇੰਦੇ ਵੱਡੀ ਗਿਣਤੀ ਵਿਚ ਸੰਗਤਾਂ ਨਾਲ ਸ਼ਾਮਲ ਹੋਏ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਿੰਦਰ ਸਿੰਘ ਮਥਰੇਵਾਲ, ਓਐਸਡੀ ਸ. ਸਤਬੀਰ ਸਿੰਘ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਨਰਿੰਦਰ ਸਿੰਘ, ਵਧੀਕ ਮੈਨੇਜਰ ਸ. ਗੁਰਵਿੰਦਰ ਸਿੰਘ ਦੇਵੀਦਾਸਪੁਰਾ, ਸ. ਗੁਰਤਿੰਦਰਪਾਲ ਸਿੰਘ ਕਾਦੀਆਂ, ਸ. ਜਸਬੀਰ ਸਿੰਘ, ਸ. ਗੁਰਿੰਦਰ ਸਿੰਘ ਭੋਮਾਂ, ਸ. ਹਰਵਿੰਦਰ ਸਿੰਘ ਸਮੇਤ ਵਿਸ਼ਵ ਰਬਾਬੀ ਭਾਈ ਮਰਦਾਨਾ ਜੀ ਵੈਲਫੇਅਰ ਸੁਸਾਇਟੀ ਵੱਲੋਂ ਸ. ਰਜਿੰਦਰ ਸਿੰਘ ਬਿੱਟੂ, ਸ. ਪੰਮਾ ਸਿੰਘ, ਸ੍ਰੀ ਰੰਗਾ ਸਾਈ, ਸ. ਦਮਨਪ੍ਰੀਤ ਸਿੰਘ ਤੇ ਹੋਰ ਮੌਜੂਦ ਸਨ।

ਭਾਈ ਮਰਦਾਨਾ ਜੀ ਦਾ ਜੀਵਨ ਸਿੱਖ ਇਤਿਹਾਸ 'ਚ ਸੇਵਾ, ਸਮਰਪਣ ਤੇ ਗੁਰੂ ਪ੍ਰਤੀ ਅਟੁੱਟ ਸ਼ਰਧਾ ਦੀ ਵਿਲੱਖਣ ਮਿਸਾਲ: ਐਡਵੋਕੇਟ ਧਾਮੀ

ਆਵਾਜ਼ਿ ਕੌਮ AWAZE QAUM International Newspaper & WEB TV

ਪਿੰਡ ਗਦਲੀ ਵਿਖੇ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਨਾਨਕ ਦੇਵ ਜੀ ਅਵਤਾਰ ਪੁਰਬ ਨੂੰ ਸਮਰਪਿਤ ਸਮਾਗਮ ਕੱਲ੍ਹ : ਗਿਆਨੀ ਭੁਪਿੰਦਰ ਸਿੰਘ ਗਦਲੀ



ਚੌਕ ਮਹਿਤਾ 28 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਤੇਰੀ ਓਟ ਆਸ਼ਿਆਨਾ ਗਦਲੀ ਦੇ ਮੁੱਖੀ ਸਿੱਖ ਪੰਥ ਦੇ ਮਹਾਨ ਵਿਦਵਾਨ ਕਥਾਵਾਚਕ ਗਿਆਨੀ ਭੁਪਿੰਦਰ ਸਿੰਘ ਗਦਲੀ ਵਾਲਿਆਂ ਦੀ ਅਗਵਾਈ ਹੇਠ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਪਾਵਨ ਅਵਤਾਰ ਪੁਰਬ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ 30 ਨਵੰਬਰ 2026 ਦਿਨ ਸੋਮਵਾਰ ਗੁਰਦੁਆਰਾ ਦੁਖ ਨਿਵਾਰਨ ਸਾਹਿਬ ਪਿੰਡ ਗਦਲੀ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਤੇ ਭਾਈ ਹਰਵਿੰਦਰ ਸਿੰਘ ਯੂ ਐਸ ਏ ਰਾਗੀ ਜਥਾ, ਖਾਲਸਾ ਸੇਵਾ ਟਰੱਸਟ ਰਾਗੀ ਜਥਾ, ਨਰਿੰਦਰ ਪਾਲ ਸਿੰਘ ਮਠਾੜੂ, ਭਾਈ ਹਰਪਾਲ ਸਿੰਘ ਤੂਰ ਯੂ ਐਸ ਏ, ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਭਾਈ ਗੁਰਦੇਵ ਸਿੰਘ ਵੇਰਕਾ ਹਜ਼ੂਰ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਵਿਸ਼ਾਲ ਸਿੰਘ ਹਜ਼ੂਰੀ ਕਥਾਵਾਚਕ ਸ੍ਰੀ ਮੰਜੀ ਸਾਹਿਬ ਵਾਲੇ, ਗਿਆਨੀ ਹਰਪ੍ਰੀਤ ਸਿੰਘ ਵਡਾਲਾ ਕਥਾਵਾਚਕ, ਭਾਈ ਮਹਿਤਾਬ ਸਿੰਘ ਹਜ਼ੂਰੀ ਰਾਗੀ, ਭਾਈ ਗੁਰਲਾਲ ਸਿੰਘ ਕਥਾਵਾਚਕ,ਸਿੰਘ ਸਾਹਿਬ ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਦਸਮੇਸ਼ ਤਰਨਾ ਦਲ, ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਵਾਲੇ, ਜਥੇਦਾਰ ਬਾਬਾ ਗੁਰਬਚਨ ਸਿੰਘ ਸੁਰ ਸਿੰਘ ਵਾਲੇ, ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਵਾਲੇ, ਸੰਤ ਬਾਬਾ ਕਵਲਜੀਤ ਸਿੰਘ ਗੁਰਦੁਆਰਾ ਨਾਗੀਆਨਾ ਸਾਹਿਬ ਉਦੋਕੇ ਵਾਲੇ, ਸੰਤ ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲੇ, ਸੰਤ ਬਾਬਾ ਗੁਰਦੇਵ ਸਿੰਘ ਗੁਰਦੁਆਰਾ ਭਗਤਾਂ ਦਾ ਡੇਰਾ ਤਰਸਿੱਕਾ ਵਾਲੇ, ਬਾਬਾ ਸੁਖਵੰਤ ਸਿੰਘ ਚੰਨਣਕੇ, ਗਿਆਨੀ ਭੁਪਿੰਦਰ ਸਿੰਘ ਗਦਲ ਮੁੱਖੀ ਤੇਰੀ ਓਟ ਆਸ਼ੀਆਨਾ ਵੱਲੋਂ ਸਮੂਹ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਵੱਧ ਤੋਂ ਵੱਧ ਸੰਗਤਾਂ ਹਾਜ਼ਰੀਆਂ ਭਰ ਕੇ ਸਾਹਿਬ ਸ਼੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਪ੍ਰਕਾਸ਼ ਪੁਰਬ ਦੀਆਂ ਖੁਸ਼ੀਆਂ ਪ੍ਰਾਪਤ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਦੁਆਰਾ ਬਾਬੇ ਕੇ ਹੋਕਲੀ ਬਰਮਿੰਘਮ ਯੂ.ਕੇ ਵਿਖੇ ਸੰਤ ਬਾਬਾ ਨਾਹਰ ਸਿੰਘ ਸਨੇਰਾਂ ਵਾਲਿਆਂ ਦੀ ਬਰਸੀ ਸਮਾਗਮ ਵਿਚ ਅੱਜ ਦੀ ਕਥਾ ਕੀਰਤਨ ਸੰਤ ਬਾਬਾ ਸੁਖਜੀਤ ਸਿੰਘ ਸੀਚੇਵਾਲ ਨੇ ਕੀਤਾ



ਫ਼ਿਰੋਜ਼ਪੁਰ, 28 ਨਵੰਬਰ (ਮਨੋਹਰ ਲਾਲ) :— ਗੁਰਦੁਆਰਾ ਬਾਬੇ ਕੇ ਹੋਕਲੀ ਬਰਮਿੰਘਮ ਯੂ.ਕੇ ਵਿਖੇ ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਗੁਰਪੁਰਬ ਨੂੰ ਸਮਰਪਿਤ ਤੇ ਸੰਤ ਬਾਬਾ ਨਾਹਰ ਸਿੰਘ ਜੀ ਸਨੇਰਾਂ ਵਾਲਿਆਂ ਦੀ 19ਵੀਂ ਬਰਸੀ ਨੂੰ ਸਮਰਪਿਤ ਸਮਾਗਮ ਜੋ ਕਿ 23 ਨਵੰਬਰ ਤੋਂ 29 ਨਵੰਬਰ ਤੱਕ ਚੱਲ ਰਹੇ ਹਨ, ਅੱਜ ਦੇ ਸਮਾਗਮਾਂ ਵਿਚ ਸੰਤ ਬਾਬਾ ਸੁਖਜੀਤ ਸਿੰਘ ਸੀਚੇਵਾਲ ਨੇ ਕਥਾ ਕਰਦਿਆਂ ਆਖਿਆ ਕਿ ਸੰਤ ਬਾਬਾ ਨਾਹਰ ਸਿੰਘ ਜੀ ਨੇ 40 ਸਾਲ ਇੰਗਲੈਂਡ ਦੀ ਧਰਤੀ ਤੇ ਸੇਵਾ ਸਿਮਰਨ ਕੀਤਾ, ਜਿਸ ਨੂੰ ਸੰਗਤਾਂ ਅੱਜ ਵੀ ਪੂਰਾ ਮਾਣ ਸਤਿਕਾਰ ਦੇ ਰਹੀਆਂ ਹਨ। ਇਸ ਤੋਂ ਇਲਾਵਾ ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ ਦੀਆਂ ਅਸੀਂ ਸਮੂਹ ਸੰਗਤਾਂ ਨੂੰ ਵਧਾਈ ਦਿੰਦੇ ਹਾਂ, ਨਾਲ ਹੀ ਉਨ੍ਹਾਂ ਕਿਹਾ ਕਿ ਸਾਨੂੰ ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਦਰਸਾਏ ਹੋਏ ਮਾਰਗ ਤੇ ਚੱਲ ਕੇ ਆਪਣਾ ਜੀਵਨ ਸਫਲ ਬਣਾਉਣਾ ਚਾਹੀਦਾ ਹੈ। ਉਨ੍ਹਾਂ ਜੀ ਦੇ ਉਪਦੇਸ਼ ਹਨ ਨਾਮ ਜਪੋ ਕੀਰਤ ਕਰੋ, ਵੰਡ ਛਕੋ ਦੇ ਸਿਧਾਤਾਂ ਤੇ ਪਹਿਰਾ ਦੇਣਾ ਚਾਹੀਦਾ ਹੈ। ਇਸ ਮੌਕੇ ਤੇ ਗੁਰਦੁਆਰਾ ਬਾਬੇ ਕੇ ਦੇ ਪ੍ਰਬੰਧਕ ਜਸਵਿੰਦਰ ਸਿੰਘ ਕਾਲਾ, ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ, ਗੁਰਮੀਤ ਸਿੰਘ ਜੰਡੂ, ਨਰਿੰਦਰ ਸਿੰਘ ਧੰਜਲ, ਧਰਮ ਸਿੰਘ ਘਟੋੜਾ, ਬਲਕਾਰ ਸਿੰਘ ਵੜੈਚ, ਅਮਰੀਕ ਸਿੰਘ ਮਿਕਾ, ਗੁਰਪ੍ਰੀਤ ਗੋਪੀ, ਹਰਪਾਲ ਸਿੰਘ, ਰਘਬੀਰ ਸਿੰਘ, ਸੁਖਵਿੰਦਰ ਸਿੰਘ ਸੁਖੀ, ਅਵਤਾਰ ਸਿੰਘ ਜੰਡੂ, ਜਗਤਾਰ ਸਿੰਘ ਘਟੋੜਾ, ਜਸਵੰਤ ਸਿੰਘ ਸੈਂਬੀ, ਅਮਰੀਕ ਸਿੰਘ ਝੀਤਾ, ਬਲਕਾਰ ਸਿੰਘ ਵੜੈਚ, ਸਵਰਨ ਸਿੰਘ ਸੈਬੀ ਅਤੇ ਸਟੇਜ ਦੀ ਸੇਵਾ ਹਰਜਿੰਦਰ ਸਿੰਘ ਸੈਬੀ ਨੇ ਬੜੇ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਤੇ ਲੰਗਰ ਦੀ ਸੇਵਾ ਬੀਬੀ ਨਰਿੰਦਰ ਕੌਰ, ਬੀਬੀ ਨਰੰਜਨ ਕੌਰ, ਬੀਬੀ ਨਰਿੰਦਰ ਕੌਰ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਬੀਬੀਆਂ ਜੋ ਕਿ ਲਗਾਤਾਰ ਸੰਗਤਾਂ ਲਈ ਲੰਗਰ, ਪੀਜਾ, ਬਰਗਰ ਅਤੇ ਹੋਰ ਕਾਫੀ ਸਾਰੀਆਂ ਆਈਆਂ ਬਣਾ ਕੇ ਸੇਵਾ ਕਰ ਰਹੀਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਧੂਰੀ ਨੇਤਰ ਬੈਂਕ ਸੰਮਤੀ ਅਤੇ ਨਿਸ਼ਕਾਮ ਸੇਵਾ ਸਭਾ ਨੇ

ਅੱਖਾਂ ਦਾ 39ਵਾਂ ਵਿਸ਼ਾਲ ਮੁਫ਼ਤ ਜਾਂਚ ਅਤੇ ਆਪ੍ਰੇਸ਼ਨ ਕੈਂਪ ਲਗਾਇਆ



ਧੂਰੀ (ਰਣਜੀਤ ਸਿੰਘ ਪੇਧਨੀ)-ਧੂਰੀ ਨੇਤਰ ਬੈਂਕ ਸੰਮਤੀ (ਰਜਿ.) ਅਤੇ ਨਿਸ਼ਕਾਮ ਸੇਵਾ ਸਭਾ (ਰਜਿ.) ਧੂਰੀ ਵੱਲੋਂ ਸਮੂਹ ਇਲਾਕਾ ਨਿਵਾਸੀਆਂ, ਸ਼ਹਿਰ ਵਾਸੀਆਂ ਅਤੇ ਧਾਰਮਿਕ ਸੰਸਥਾਵਾਂ ਦੇ ਸਹਿਯੋਗ ਨਾਲ ਸਵਰਗੀ ਮਹਾਂਸ਼ਿਆ ਪ੍ਰਤਿਗਿਆ ਪਾਲ ਜੀ ਦੀ ਯਾਦ ਨੂੰ ਸਮਰਪਿਤ ਅੱਖਾਂ ਦਾ 39ਵਾਂ ਵਿਸ਼ਾਲ ਮੁਫ਼ਤ ਜਾਂਚ ਅਤੇ ਆਪ੍ਰੇਸ਼ਨ ਕੈਂਪ ਮੰਗਲਾ ਆਸ਼ਰਮ (ਗਊਸ਼ਾਲਾ), ਮਾਲੇਰਕੋਟਲਾ ਰੋਡ, ਨੇੜੇ ਸ਼ੂਗਰ ਮਿੱਲ ਧੂਰੀ ਵਿਖੇ ਲਗਾਇਆ ਗਿਆ। ਇਸ ਕੈਂਪ ਵਿੱਚ ਮੁੱਖ ਮੰਤਰੀ ਪੰਜਾਬ ਸ੍ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।

ਇਸ ਮੌਕੇ ਓ.ਐਸ.ਡੀ. ਸੁਖਵੀਰ ਸਿੰਘ ਨੇ ਸੰਸਥਾਵਾਂ ਵੱਲੋਂ ਮਨੁੱਖਤਾ ਦੀ ਸੇਵਾ ਦੇ ਉਦੇਸ਼ ਨਾਲ ਕੀਤੇ ਜਾ ਰਹੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਲੋੜਵੰਦ ਲੋਕਾਂ ਨੂੰ ਮੁਫ਼ਤ ਸਿਹਤ ਸਹੂਲਤਾਂ ਮੁਹੱਈਆ ਕਰਵਾਉਣਾ ਬਹੁਤ ਹੀ ਸ਼ਲਾਘਾਯੋਗ ਕਾਰਜ ਹੈ। ਉਨ੍ਹਾਂ ਕਿਹਾ ਕਿ ਅੱਖਾਂ ਮਨੁੱਖੀ ਜੀਵਨ ਦਾ ਅਨਮੋਲ ਅੰਗ ਹਨ ਅਤੇ ਅਜਿਹੇ ਕੈਂਪ ਲੋੜਵੰਦ ਮਰੀਜ਼ਾਂ ਨੂੰ ਸਮੇਂ ਸਿਰ ਜਾਂਚ ਅਤੇ ਇਲਾਜ ਦੀ ਸਹੂਲਤ ਪ੍ਰਦਾਨ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਸੰਸਥਾਵਾਂ ਦੇ ਸਮੂਹ ਅਹੁਦੇਦਾਰਾਂ ਅਤੇ ਸਹਿਯੋਗੀਆਂ ਨੂੰ ਇਸ ਨੇਕ ਕਾਰਜ ਲਈ ਵਧਾਈ ਦਿੱਤੀ।

ਕੈਂਪ ਦੌਰਾਨ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਵੱਡੀ ਗਿਣਤੀ ਵਿੱਚ ਪਹੁੰਚੇ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ ਅਤੇ ਲੋੜ ਅਨੁਸਾਰ ਮਰੀਜ਼ਾਂ ਦੇ ਮੁਫ਼ਤ ਆਪ੍ਰੇਸ਼ਨ ਵੀ ਕੀਤੇ ਗਏ। ਕੈਂਪ ਦਾ ਮੁੱਖ ਉਦੇਸ਼ ਆਰਥਿਕ ਤੌਰ 'ਤੇ ਕਮਜ਼ੋਰ ਅਤੇ ਲੋੜਵੰਦ ਲੋਕਾਂ ਨੂੰ ਅੱਖਾਂ ਦੀ ਜਾਂਚ ਅਤੇ ਇਲਾਜ ਦੀਆਂ ਸਹੂਲਤਾਂ ਮੁਫ਼ਤ ਮੁਹੱਈਆ ਕਰਵਾਉਣਾ ਸੀ।

ਇਸ ਮੌਕੇ ਕੌਂਸਲਰ ਪੁਸ਼ਪਿੰਦਰ ਸ਼ਰਮਾ, ਸੰਸਥਾ ਦੇ ਪ੍ਰਧਾਨ ਡਾ. ਰਮੇਸ਼ ਸ਼ਰਮਾ, ਸਕੱਤਰ ਹੰਸ ਰਾਜ ਗਰਗ, ਸਕੱਤਰ ਸੁਖਵਿੰਦਰਪਾਲ ਸ਼ਰਮਾ ਅਤੇ ਕੈਸ਼ੀਅਰ ਰਾਕੇਸ਼ ਕੁਮਾਰ ਵੱਲੋਂ ਪਹੁੰਚੀਆਂ ਸ਼ਖ਼ਸੀਅਤਾਂ ਦਾ ਨਿੱਘਾ ਸਵਾਗਤ ਕੀਤਾ ਗਿਆ ਅਤੇ ਕੈਂਪ ਦੀ ਸਫ਼ਲਤਾ ਲਈ ਸਹਿਯੋਗ ਦੇਣ ਵਾਲੀਆਂ ਸਮੂਹ ਸੰਸਥਾਵਾਂ, ਦਾਨੀ ਸੱਜਣਾਂ ਅਤੇ ਸੇਵਾਦਾਰਾਂ ਦਾ ਧੰਨਵਾਦ ਕੀਤਾ ਗਿਆ।

ਓ.ਐਸ.ਡੀ. ਸੁਖਵੀਰ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਸੰਸਥਾਵਾਂ ਦੇ ਉਪਰਾਲੇ ਦੀ ਕੀਤੀ ਸ਼ਲਾਘਾ

ਆਵਾਜ਼ਿ ਕੌਮ AWAZE QAUM International Newspaper & WEB TV

ਘੋੜ ਸਵਾਰੀ ਮੇਲੇ ਦੌਰਾਨ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਨੌਜਵਾਨਾਂ ਨੂੰ ਵੋਟਰ ਵਜੋਂ ਰਜਿਸਟਰ ਹੋਣ ਦਾ ਦਿੱਤਾ ਸੱਦਾ

ਮੋਹਾਲੀ , 28 ਨਵੰਬਰ (ਆਵਾਜ਼ਿ ਕੌਮ ਬਿਊਰੋ)-ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਪੱਲਣਪੁਰ ਵਿਖੇ ਚੱਲ ਰਹੇ ਘੋੜ ਸਵਾਰੀ ਮੇਲੇ ਦੌਰਾਨ ਸਵੀਪ ਟੀਮ ਵੱਲੋਂ ਲਗਾਏ ਗਏ ਜਾਗਰੂਕਤਾ ਸਟਾਲ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਨੇ ਯੋਗ ਨੌਜਵਾਨਾਂ ਨੂੰ ਵੋਟਰ ਵਜੋਂ ਰਜਿਸਟਰ ਹੋਣ ਅਤੇ ਲੋਕਤੰਤਰੀ ਪ੍ਰਕਿਰਿਆ ਵਿੱਚ ਸਰਗਰਮ ਭਾਗੀਦਾਰੀ ਯਕੀਨੀ ਬਣਾਉਣ ਦਾ ਸੁਨੇਹਾ ਦਿੱਤਾ ।ਸ੍ਰੀ ਗੁਲਾਬ ਚੰਦ ਕਟਾਰੀਆ ਨੇ ਸਟਾਲ 'ਤੇ ਮੌਜੂਦ ਨੌਜਵਾਨਾਂ ਨਾਲ ਸੈਲਫੀ ਵੀ ਕਰਵਾਈ ਅਤੇ ਉਨ੍ਹਾਂ ਨੂੰ ਅਪੀਲ ਕੀਤੀ ਕਿ 18 ਸਾਲ ਦੀ ਉਮਰ ਪੂਰੀ ਕਰ ਚੁੱਕੇ ਸਾਰੇ ਯੋਗ ਨੌਜਵਾਨ ਆਪਣੀ ਵੋਟ ਜ਼ਰੂਰ ਬਣਵਾਉਣ। ਉਨ੍ਹਾਂ ਕਿਹਾ ਕਿ ਵੋਟ ਦਾ ਅਧਿਕਾਰ ਲੋਕਤੰਤਰ ਦਾ ਅਹਿਮ ਆਧਾਰ ਹੈ ਅਤੇ ਹਰੇਕ ਯੋਗ ਨਾਗਰਿਕ ਨੂੰ ਇਸ ਅਧਿਕਾਰ ਦੀ ਮਹੱਤਤਾ ਸਮਝਦਿਆਂ ਚੋਣ ਪ੍ਰਕਿਰਿਆ ਵਿੱਚ ਆਪਣੀ ਭਾਗੀਦਾਰੀ ਯਕੀਨੀ ਬਣਾਉਣੀ ਚਾਹੀਦੀ ਹੈ ।ਇਸ ਦੌਰਾਨ ਰਾਜਪਾਲ ਨੇ ਪੋਸਟਰ ਮੇਕਿੰਗ ਗਤੀਵਿਧੀ ਵਿੱਚ ਹਿੱਸਾ ਲੈ ਰਹੇ ਵਿਦਿਆਰਥੀਆਂ ਨਾਲ ਵੀ ਗੱਲਬਾਤ ਕੀਤੀ ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਲੋਕਤੰਤਰੀ ਕਦਰਾਂ-ਕੀਮਤਾਂ, ਵੋਟ ਦੇ ਅਧਿਕਾਰ ਅਤੇ ਜ਼ਿੰਮੇਵਾਰ ਨਾਗਰਿਕ ਵਜੋਂ ਉਨ੍ਹਾਂ ਦੀ ਭੂਮਿਕਾ ਬਾਰੇ ਜਾਣੂ ਕਰਵਾਇਆ। ਉ

80 ਸਾਲ ਬਾਅਦ ਆਜ਼ਾਦੀ ਮੁਹਿੰਮ ਦੇ ਸੰਘਰਸ਼ੀ ਯੋਧਿਆਂ ਨੂੰ

ਜ਼ਿਲ੍ਹਾ ਪ੍ਰਸ਼ਾਸਨ ਦਫਤਰ ਵਿਚ ਮਿਲੀ ਥਾਂ, 42 ਯੋਧਿਆਂ ਦੀਆਂ ਲਾਈਆਂ ਫੋਟੋਆਂ



ਫ਼ਿਰੋਜ਼ਪੁਰ, 28 ਨਵੰਬਰ (ਮਨੋਹਰ ਲਾਲ) :— ਆਖਰ ਫਰੀਡਮ ਫਾਈਟਰਜ ਉੱਤਰਾਧਿਕਾਰੀ ਸੰਸਥਾ ਦਾ 80 ਸਾਲ ਬਾਅਦ ਆਜ਼ਾਦੀ ਮੁਹਿੰਮ ਦੇ ਸੰਘਰਸ਼ੀ ਯੋਧਿਆਂ ਦੀਆਂ ਜ਼ਿਲ੍ਹਾ ਪ੍ਰਸ਼ਾਸਨ ਦਫਤਰ ਵਿੱਚ 42 ਫੋਟੋ ਲਾਈਆਂ ਗਈਆਂ। ਇਸ ਮੌਕੇ ਸ੍ਰੀ ਕ੍ਰਿਸ਼ਨਾ ਪਾਲ ਰਾਜਪੂਤ ਆਈ.ਐਸ ਨੇ ਆਪਣੇ ਕਰ ਕਮਲਾਂ ਨਾਲ ਉਦਘਾਟਨ ਕੀਤਾ ਸਭ ਤੋਂ ਪਹਿਲਾਂ ਜੋਤ ਜਗਾਈ ਗਈ ਉਪਰੰਤ ਆਜ਼ਾਦੀ ਮੁਹਿਮ ਦੇ ਸੰਘਰਸ਼ੀ ਯੋਧਿਆਂ ਦੀਆਂ ਫੋਟੋਆਂ ਤੋਂ ਪਰਦਾ ਹਟਾਇਆ। ਇਸ ਮੌਕੇ ਤੇ ਸ੍ਰੀ ਕ੍ਰਿਸ਼ਨਾ ਪਾਲ ਰਾਜਪੂਤ ਨੇ ਬੋਲਦਿਆਂ ਕਿਹਾ ਕਿ ਅੱਜ ਬਹੁਤ ਵਡਭਾਗਾ ਦਿਨ ਹੈ ਕਿ ਇਨ੍ਹਾਂ ਆਜ਼ਾਦੀ ਮੁਹਿੰਮ ਦੇ ਸੰਘਰਸ਼ੀ ਯੋਧਿਆਂ ਦੀਆਂ ਬਿਆਲੀ ਫੋਟੋਆਂ ਲਾਈਆਂ ਗਈਆਂ ਹਨ ਉੱਤਰਾ ਅਧਿਕਾਰੀ ਸੰਸਥਾ ਨੂੰ ਵਿਸ਼ਵਾਸ ਦਵਾਉਂਦਾ ਹਾਂ ਕਿ ਜਿਹੜਾ ਵੀ ਕੰਮ ਹੋਵੇ ਸਿੱਧੇ ਆ ਸਕਦੇ ਹੋ, ਅਸੀਂ ਸਾਰੇ ਮਹਿਕਮਿਆਂ ਨੂੰ ਪੱਤਰ ਵੀ ਕੱਢ ਦਵਾਂਗੇ ਕਿ ਇਨ੍ਹਾਂ ਦਾ ਕੰਮ ਪਹਿਲ ਦੇ ਅਧਾਰ ਤੇ ਕੀਤਾ ਜਾਵੇ। ਇਸ ਮੌਕੇ ਹਰਿੰਦਰ ਪਾਲ ਸਿੰਘ ਖਾਲਸਾ ਸਰਪ੍ਰਸਤ ਸੰਗਰੂਰ ਵੀ ਵਿਸ਼ੇਸ਼ ਤੌਰ ਤੇ ਪਹੁੰਚੇ। ਇਸ ਮੌਕੇ ਤੇ ਦਰਸ਼ਨ ਸਿੰਘ ਸੋਢੇ ਵਾਲਾ ਮੀਤ ਪ੍ਰਧਾਨ ਪੰਜਾਬ, ਪ੍ਰਵੀਨ ਕੁਮਾਰ ਜਿੰਦਲ ਜਿਲਾ ਪ੍ਰਧਾਨ, ਰਾਮ ਸਿੰਘ ਮਿੰਡਾ ਜੋਨਲ ਇੰਚਾਰਜ, ਇਕਬਾਲ ਸਿੰਘ ਸੰਧੂ ਮੀਤ ਪ੍ਰਧਾਨ ਕੈਸ਼ੀਅਰ ਕੁਲਦੀਪ ਸਿੰਘ, ਬਗੀਚਾ ਸਿੰਘ ਜੀਰਾ ਮੀਤ ਪ੍ਰਧਾਨ ਤਲਾਸ਼ ਕੀਤਾ ਕੁਮਾਰੀ ਮੀਤ ਪ੍ਰਧਾਨ ਅਮਰੀਕ ਸਿੰਘ ਵਿਰਕ ਕਨੂੰਨੀ ਸਲਾਹਕਾਰ ਤਰਸੇਮ ਸਿੰਘ ਦਫਤਰ ਇੰਚਾਰਜ ਹਰਭਜਨ ਸਿੰਘ ਏਰੀਆ ਇੰਚਾਰਜ ਡਾਕਟਰ ਸੂਰਜ ਬੇਦੀ ਏਰੀਆ ਚਾਰਜ ਮੁਖਤਿਆਰ ਸਿੰਘ ਦਫਤਰ ਇੰਚਾਰਜ ਬਗੀਚਾ ਸਿੰਘ ਮਈਆਂਵਾਲਾ ਅਰੁਣ ਗੋਇਲ ਟੈਂਕਾਂ ਵਾਲੀ ਸੂਰਜ ਬੇਦੀ ਹਲਕਾ ਇੰਚਾਰਜ ਕਾਰਜ ਸਿੰਘ ਆਸਲ ਸਤਨਾਮ ਸਿੰਘ ਲਹਿਰਾ ਜ਼ਿਲਾ ਸਕੱਤਰ ਬੋਹੜ ਸਿੰਘ, ਕੁਲਵਿੰਦਰ ਸਿੰਘ ਫੇਮੀ ਵਾਲਾ, ਪਰਮਜੀਤ ਸਿੰਘ, ਜਸਕਰਨਜੀਤ ਸਿੰਘ, ਗੁਰਮੁਖ ਸਿੰਘ, ਅਨੂਪ ਕੌਰ ਮਾਤਾ ਸੰਦੀਪ ਸਿੰਘ, ਜੁਗਰਾਜ ਸਿੰਘ, ਲਖਬੀਰ ਸਿੰਘ, ਗੁਰਮੀਤ ਸਿੰਘ ਅਤੇ ਹਰਿੰਦਰ ਪਾਲ ਸਿੰਘ ਖਾਲਸਾ ਸੰਗਰੂਰ ਸਰਪ੍ਰਸਤ ਉੱਤਰਾਧਿਕਾਰੀ ਸੰਸਥਾ ਪੰਜਾਬ ਰਜਿਸਟਰਡ 196 ਨੇ ਏ.ਡੀ.ਸੀ ਦੇ ਧਿਆਨ ਵਿੱਚ ਲਿਆਂਦਾ ਕਿ ਭਾਵੇਂ ਕਿ ਸਾਡੀ ਸੁਣਵਾਈ 80 ਸਾਲ ਬਾਅਦ ਹੋਈ ਹੈ ਅਸੀਂ ਆਪ ਜੀ ਦਾ ਤਹਿ ਦਿਲੋਂ ਧੰਨਵਾਦੀ ਹਾਂ। ਇਸ ਤੋਂ ਇਲਾਵਾ ਮੈਡਮ ਦੀਪਸ਼ਿਖਾ ਡਿਪਟੀ ਕਮਿਸ਼ਨਰ ਅਤੇ ਜਿਲਾ ਪ੍ਰਸ਼ਾਸਨ ਦਾ ਧੰਨਵਾਦ ਕਰਦੇ ਹਾਂ ਜਿਨਾਂ ਨੇ ਸਾਡੀ ਮੰਗ ਮੰਨ ਕੇ ਆਜ਼ਾਦੀ ਘੁਲਾਟੀਆਂ ਦੀਆਂ ਫੋਟੋ ਲਾਈਆਂ ਗਈਆਂ।

ਆਵਾਜ਼ਿ ਕੌਮ AWAZE QAUM International Newspaper & WEB TV

‘ਮੇਰਾ ਘਰ ਮੇਰੇ ਨਾਮ’ ਸਕੀਮ ਤਹਿਤ

ਪਿੰਡ ਈਸਾਪੁਰ ਦੇ 200 ਪਰਿਵਾਰਾਂ ਨੂੰ ਮਿਲੇ ਮਾਲਕੀ ਹੱਕ



ਧੂਰੀ (ਰਣਜੀਤ ਸਿੰਘ ਪੇਧਨੀ)-ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਮਾਲਕੀ ਹੱਕ ਪ੍ਰਦਾਨ ਕਰਨ ਦੇ ਉਦੇਸ਼ ਨਾਲ ਚਲਾਈ ਜਾ ਰਹੀ ‘ਮੇਰਾ ਘਰ ਮੇਰੇ ਨਾਮ’ ਸਕੀਮ ਤਹਿਤ ਅੱਜ ਪਿੰਡ ਈਸਾਪੁਰ ਵਿਖੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਮੌਕੇ ਪੰਜਾਬ ਵਕਫ਼ ਬੋਰਡ ਦੇ ਮੈਂਬਰ ਅਤੇ ਮੁੱਖ ਮੰਤਰੀ ਦਫ਼ਤਰ ਦੇ ਇੰਚਾਰਜ ਡਾ. ਅਨਵਰ ਭਸੌੜ ਅਤੇ ਜ਼ਿਲ੍ਹਾ ਪ੍ਰੀਸ਼ਦ ਦੇ ਚੇਅਰਮੈਨ ਰਛਪਾਲ ਸਿੰਘ ਭੁੱਲਰ ਨੇ ਕਰੀਬ 200 ਲਾਭਪਾਤਰੀਆਂ ਨੂੰ ਪ੍ਰਾਪਰਟੀ ਕਾਰਡ ਸੌਂਪੇ। ਇਸ ਮੌਕੇ ਸੰਬੋਧਨ ਕਰਦਿਆਂ ਡਾ. ਅਨਵਰ ਭਸੌੜ ਅਤੇ ਰਛਪਾਲ ਸਿੰਘ ਭੁੱਲਰ ਨੇ ਕਿਹਾ ਕਿ ‘ਮੇਰਾ ਘਰ ਮੇਰੇ ਨਾਮ’ ਸਕੀਮ ਪੰਜਾਬ ਸਰਕਾਰ ਦਾ ਇੱਕ ਅਹਿਮ ਲੋਕ-ਪੱਖੀ ਉਪਰਾਲਾ ਹੈ, ਜਿਸ ਦਾ ਮੁੱਖ ਉਦੇਸ਼ ਪਿੰਡਾਂ ਦੇ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਮਾਲਕੀ ਹੱਕ ਪ੍ਰਦਾਨ ਕਰਕੇ ਉਨ੍ਹਾਂ ਨੂੰ ਸਮਾਜਿਕ ਅਤੇ ਆਰਥਿਕ ਤੌਰ ’ਤੇ ਮਜ਼ਬੂਤ ਕਰਨਾ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਲੰਮੇ ਸਮੇਂ ਤੋਂ ਆਬਾਦੀ ਵਾਲੇ ਖੇਤਰਾਂ ਵਿੱਚ ਰਹਿ ਰਹੇ ਬਹੁਤ ਸਾਰੇ ਪਰਿਵਾਰਾਂ ਕੋਲ ਆਪਣੇ ਘਰਾਂ ਦੀ ਮਾਲਕੀ ਸਬੰਧੀ ਕੋਈ ਠੋਸ ਦਸਤਾਵੇਜ਼ ਨਹੀਂ ਸੀ। ਇਸ ਸਕੀਮ ਰਾਹੀਂ ਅਜਿਹੇ ਪਰਿਵਾਰਾਂ ਨੂੰ ਉਨ੍ਹਾਂ ਦੇ ਘਰਾਂ ਦੇ ਮਾਲਕੀ ਹੱਕਾਂ ਦੀ ਮਾਨਤਾ ਦੇਣ ਲਈ ਅਹਿਮ ਕਦਮ ਚੁੱਕਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪ੍ਰਾਪਰਟੀ ਕਾਰਡ ਸਿਰਫ਼ ਇੱਕ ਦਸਤਾਵੇਜ਼ ਨਹੀਂ, ਸਗੋਂ ਲਾਭਪਾਤਰੀ ਪਰਿਵਾਰਾਂ ਲਈ ਆਪਣੇ ਘਰ ਦੀ ਮਾਲਕੀ ਦਾ ਭਰੋਸਾ ਅਤੇ ਸੁਰੱਖਿਆ ਦਾ ਪ੍ਰਤੀਕ ਹੈ। ਇਸ ਨਾਲ ਲੋਕਾਂ ਨੂੰ ਆਪਣੇ ਘਰਾਂ ਸਬੰਧੀ ਮਾਲਕੀ ਦੇ ਹੱਕਾਂ ਦੀ ਪੁਸ਼ਟੀ ਕਰਨ ਵਿੱਚ ਸਹੂਲਤ ਮਿਲੇਗੀ ਅਤੇ ਭਵਿੱਖ ਵਿੱਚ ਜਾਇਦਾਦ ਨਾਲ ਸਬੰਧਤ ਕੰਮਾਂ ਲਈ ਵੀ ਲੋੜੀਂਦੇ ਦਸਤਾਵੇਜ਼ ਉਪਲਬਧ ਹੋਣਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਬੁਨਿਆਦੀ ਲੋੜਾਂ ਪੂਰੀਆਂ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਉਨ੍ਹਾਂ ਦੇ ਜਾਇਜ਼ ਹੱਕ ਦਿਵਾਉਣ ਲਈ ਵੀ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਸਰਕਾਰ ਦਾ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਵਿਕਾਸ ਅਤੇ ਲੋਕ ਭਲਾਈ ਦੀਆਂ ਯੋਜਨਾਵਾਂ ਦਾ ਲਾਭ ਸਮਾਜ ਦੇ ਹਰ ਵਰਗ ਅਤੇ ਪਿੰਡ ਦੇ ਆਖਰੀ ਘਰ ਤੱਕ ਪਹੁੰਚੇ। ਉਨ੍ਹਾਂ ਕਿਹਾ ਕਿ ‘ਮੇਰਾ ਘਰ ਮੇਰੇ ਨਾਮ’ ਸਕੀਮ ਇਸੇ ਲੋਕ-ਪੱਖੀ ਸੋਚ ਦਾ ਪ੍ਰਗਟਾਵਾ ਹੈ, ਜਿਸ ਨਾਲ ਪੇਂਡੂ ਖੇਤਰਾਂ ਦੇ ਲੋਕਾਂ ਨੂੰ ਆਪਣੇ ਘਰਾਂ ਦੇ ਹੱਕਾਂ ਸਬੰਧੀ ਵੱਡੀ ਰਾਹਤ ਮਿਲ ਰਹੀ ਹੈ। ਉਨ੍ਹਾਂ ਕਿਹਾ ਕਿ ਪਿੰਡ ਈਸਾਪੁਰ ਦੇ ਕਰੀਬ 200 ਪਰਿਵਾਰਾਂ ਨੂੰ ਪ੍ਰਾਪਰਟੀ ਕਾਰਡ ਸੌਂਪਣਾ ਇਸ ਗੱਲ ਦਾ ਪ੍ਰਮਾਣ ਹੈ ਕਿ ਸਰਕਾਰ ਲੋਕਾਂ ਤੱਕ ਸਰਕਾਰੀ ਯੋਜਨਾਵਾਂ ਦਾ ਲਾਭ ਪਹੁੰਚਾਉਣ ਲਈ ਜ਼ਮੀਨੀ ਪੱਧਰ ’ਤੇ ਕੰਮ ਕਰ ਰਹੀ ਹੈ। ਉਨ੍ਹਾਂ ਲਾਭਪਾਤਰੀਆਂ ਨੂੰ ਪ੍ਰਾਪਰਟੀ ਕਾਰਡ ਮਿਲਣ ’ਤੇ ਵਧਾਈ ਦਿੰਦਿਆਂ ਕਿਹਾ ਕਿ ਇਹ ਕਾਰਡ ਉਨ੍ਹਾਂ ਦੇ ਪਰਿਵਾਰਾਂ ਲਈ ਆਪਣੇ ਘਰਾਂ ਨਾਲ ਜੁੜੇ ਹੱਕਾਂ ਦੀ ਸੁਰੱਖਿਆ ਵੱਲ ਇੱਕ ਮਹੱਤਵਪੂਰਨ ਕਦਮ ਸਾਬਤ ਹੋਣਗੇ। ਇਸ ਮੌਕੇ ਪਿੰਡ ਦੇ ਸਰਪੰਚ ਜੋਰਾ ਸਿੰਘ, ਡੀਸੀ ਘਨੌਰ, ਸਨੀ ਘਨੌਰ ਸਮੇਤ ਪਿੰਡ ਦੇ ਪਤਵੰਤੇ, ਮੋਹਤਬਰ ਵਿਅਕਤੀ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਡਾ. ਅਨਵਰ ਭਸੌੜ ਅਤੇ ਰਛਪਾਲ ਸਿੰਘ ਭੁੱਲਰ ਨੇ ਲਾਭਪਾਤਰੀਆਂ ਨੂੰ ਸੌਂਪੇ ਪ੍ਰਾਪਰਟੀ ਕਾਰਡ

ਸੀਨੀਅਰ ਸਿਟੀਜ਼ਨ ਕੌਂਸਲ ਵੱਲੋਂ ਵਿਸ਼ੇਸ਼ ਸਨਮਾਨ ਸਮਾਰੋਹ—ਨਵੰਬਰ ਮਹੀਨੇ ਦੇ ਜਨਮਦਿਨ ਮਨਾਏ ਤੇ ਖੇਡ ਮੇਲੇ ਦੇ ਭਾਗੀਦਾਰਾਂ ਤੇ ਪ੍ਰਬੰਧਕਾਂ ਨੂੰ ਕੀਤਾ ਸਨਮਾਨਿਤ



ਫ਼ਿਰੋਜ਼ਪੁਰ, 28 ਨਵੰਬਰ (ਮਨੋਹਰ ਲਾਲ) :—ਸੀਨੀਅਰ ਸਿਟੀਜ਼ਨ ਕੌਂਸਲ ਵੱਲੋਂ ਅੱਜ ਇੱਕ ਵਿਸ਼ੇਸ਼ ਅਤੇ ਪ੍ਰਭਾਵਸ਼ਾਲੀ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਕੌਂਸਲ ਮੈਂਬਰਾਂ ਦੇ ਜਨਮ ਦਿਨ ਮਨਾਉਣ ਦੇ ਨਾਲ—ਨਾਲ ਹਾਲ ਹੀ ਵਿੱਚ ਹੋਏ ਸੀਨੀਅਰ ਸਿਟੀਜ਼ਨ ਖੇਡ ਮੇਲੇ ਵਿੱਚ ਭਾਗ ਲੈਣ ਵਾਲੇ ਖਿਡਾਰੀਆਂ ਅਤੇ ਇਸ ਮੇਲੇ ਨੂੰ ਸਫ਼ਲ ਬਣਾਉਣ ਵਾਲੀ ਪ੍ਰਬੰਧਕੀ ਟੀਮ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਸਮਾਗਮ ਦੀ ਸ਼ੁਰੂਆਤ ਵਿੱਚ ਨਵੰਬਰ ਮਹੀਨੇ ਦੌਰਾਨ ਆਉਣ ਵਾਲੇ ਕੌਂਸਲ ਦੇ ਮੈਂਬਰਾਂ ਦੇ ਜਨਮਦਿਨ ਬੜੀ ਧੂਮਧਾਮ ਅਤੇ ਉਤਸ਼ਾਹ ਨਾਲ ਮਨਾਏ ਗਏ। ਇਸ ਮੌਕੇ ਸ਼੍ਰੀ ਮਨੋਹਰ ਲਾਲ ਪ੍ਰੈਸ, ਅਸ਼ੋਕ ਕੱਕੜ, ਐਡਵੋਕੇਟ ਸੁਭਾਸ਼ ਕਾਲੀਆ, ਕੁਲਵੰਤ ਰਾਏ ਸ਼ਰਮਾ (ਰਿਟਾ. ਡੀ.ਐਸ.ਪੀ.), ਅਸ਼ੋਕ ਚੁੱਘ (ਡੌਕੂਮੈਂਟ ਰਾਈਟਰ), ਰਵਿੰਦਰ ਸ਼ਰਮਾ, ਮਨੋਹਰ ਲਾਲ ਢੀਂਗਰਾ, ਵਰਿੰਦਰ ਕੁਮਾਰ, ਅਸ਼ੋਕ ਕਟਾਰੀਆ, ਸੰਦੀਪ ਲੋਟਾਵਾ, ਸ਼੍ਰੀਮਤੀ ਪੁਸ਼ਪ ਲਤਾ, ਵਿਜੇ ਕੁਮਾਰ (ਕੌੜਾ) ਅਤੇ ਪੀ.ਡੀ. ਸ਼ਰਮਾ ਨੂੰ ਜਨਮ ਦਿਨ ਦੀਆਂ ਵਧਾਈਆਂ ਦਿੰਦਿਆਂ ਸਨਮਾਨਿਤ ਕੀਤਾ ਗਿਆ। ਇਸ ਉਪਰੰਤ ਸੀਨੀਅਰ ਸਿਟੀਜ਼ਨ ਖੇਡ ਮੇਲੇ ਵਿੱਚ ਜੇਤੂ ਖਿਡਾਰੀਆਂ ਤੋਂ ਇਲਾਵਾ ਉਤਸ਼ਾਹ ਨਾਲ ਭਾਗ ਲੈਣ ਵਾਲੇ ਸਮੂਹ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਉਨ੍ਹਾਂ ਨੂੰ ਸਨਮਾਨ ਚਿੰਨ੍ਹ ਭੇਂਟ ਕੀਤੇ ਗਏ। ਇਨ੍ਹਾਂ ਭਾਗੀਦਾਰਾਂ ਵਿੱਚ ਪ੍ਰੇਮ ਨਾਥ, ਭਗਵੰਤੀ, ਮੱਖਣ ਲਾਲ, ਕਮਲੇਸ਼ ਰਾਣੀ, ਮਹਿੰਦਰ ਪਾਲ ਬਜਾਜ, ਸ਼੍ਰੀਮਤੀ ਸ਼ਸ਼ੀ ਬਜਾਜ, ਓਮ ਪ੍ਰਕਾਸ਼, ਵਿਦਿਆ ਰਾਣੀ, ਪ੍ਰਭਾ ਰਾਣੀ, ਵਿਪਨ ਸ਼ਰਮਾ, ਅਜੇ ਅਗਨੀਹੋਤਰੀ, ਪ੍ਰੇਮ ਬਹਿਲ, ਗੁਰਦਿਆਲ ਸਿੰਘ ਵਿਰਕ, ਰਾਜਵੰਤ ਸਿੰਘ, ਪ੍ਰਵੀਨ ਜਿੰਦਲ, ਰਵਿੰਦਰ ਸ਼ਰਮਾ, ਜੋਗਿੰਦਰ ਸਿੰਘ ਅਤੇ ਅਵਤਾਰ ਸਿੰਘ (ਟੀ.ਓ.) ਸ਼ਾਮਲ ਸਨ। ਸਮਾਰੋਹ ਦੇ ਅੰਤਿਮ ਪੜਾਅ ਵਿੱਚ ਖੇਡ ਮੇਲੇ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਅਤੇ ਕਾਮਯਾਬ ਬਣਾਉਣ ਵਾਲੇ ਕੌਂਸਲ ਦੇ ਅਣਥੱਕ ਯੋਧਿਆਂ ਅਤੇ ਜੱਜਾਂ ਦੀ ਟੀਮ ਨੂੰ ਵਿਸ਼ੇਸ਼ ਸਨਮਾਨ ਨਾਲ ਨਿਵਾਜਿਆ ਗਿਆ। ਸਨਮਾਨਿਤ ਹੋਣ ਵਾਲੀ ਟੀਮ ਵਿੱਚ ਵਿਨੋਦ ਕੁਮਾਰ ਗਰੋਵਰ, ਮੱਖਣ ਲਾਲ (ਰੇਲਵੇ), ਸਵਰਨ ਸਿੰਘ ਸੁਹਾਣਾ, ਅਵਤਾਰ ਸਿੰਘ (ਟੀ.ਓ.), ਅੰਮ੍ਰਿਤ ਸੋਢੀ, ਸੂਰਿਆ ਪ੍ਰਕਾਸ਼ (ਰੇਲਵੇ), ਦੀਪ ਚੰਦ (ਰੇਲਵੇ), ਜੋਗਿੰਦਰ ਸਿੰਘ (ਰੇਲਵੇ), ਪ੍ਰਦੀਪ ਕੁਮਾਰ (ਜੱਜ), ਅਵਤਾਰ ਸਿੰਘ ਰੇਲਵੇ (ਜੱਜ), ਸੁਭਾਸ਼ ਭੋਡਾ (ਜੱਜ), ਮੈਡਮ ਸ਼ਸ਼ੀ ਚੁੱਘ (ਜੱਜ), ਕਿਰਨ ਸ਼ਰਮਾ (ਜੱਜ), ਸੁਭਾਸ਼ ਕਾਲੀਆ ਐਡਵੋਕੇਟ (ਜੱਜ), ਰਾਜ ਕੁਮਾਰ (ਰੇਲਵੇ ਵਰਕਰ) ਅਤੇ ਹਰੀ ਚੰਦ ਚੋਪੜਾ ਹਾਜ਼ਰ ਸਨ। ਕੌਂਸਲ ਦੇ ਅਹੁਦੇਦਾਰਾਂ ਨੇ ਸਾਰਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਬਜ਼ੁਰਗਾਂ ਵਿੱਚ ਨਵੀਂ ਊਰਜਾ, ਆਪਸੀ ਪਿਆਰ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਵਿਸ਼ਵ ਭਾਈ ਮਰਦਾਨਾ ਸੁਸਾਇਟੀ ਵੱਲੋਂ ਭਾਈ ਮਰਦਾਨਾ ਜੀ ਦੇ ਅਕਾਲ ਚਲਾਣਾ ਦਿਵਸ ਮੌਕੇ ਭੇਂਟ ਕੀਤੇ ਸ਼ਰਧਾ ਦੇ ਫੁੱਲ



ਫ਼ਿਰੋਜ਼ਪੁਰ, 28 ਨਵੰਬਰ (ਮਨੋਹਰ ਲਾਲ) :— ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੋਸਾਇਟੀ ਵੱਲੋਂ ਅੱਜ ਭਾਈ ਮਰਦਾਨਾ ਜੀ ਦੇ ਅਕਾਲ ਚਲਾਣਾ ਦਿਵਸ ਮੌਕੇ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੋਸਾਇਟੀ ਪ੍ਰਧਾਨ ਜਗਜੀਤ ਸਿੰਘ ਭੁੱਲਰ ਨੇ ਕਿਹਾ ਕਿ ਇੱਕ ਬਾਬਾ ਅਕਾਲ ਰੂਪ ਦੂਜਾ ਰਬਾਬੀ ਮਰਦਾਨਾ, ਭਾਈ ਮਰਦਾਨਾ ਜੀ 47 ਸਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਨਾਲ ਰਹੇ ਚਾਰੇ ਉਦਾਸੀਆਂ ਉਨ੍ਹਾਂ ਦੇ ਨਾਲ ਕੀਤੀਆਂ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਸੇਵਾ ਕੀਤੀ, ਰਾਗਾਂ ਵਿੱਚ ਰਬਾਬ ਨਾਲ ਕੀਰਤਨ ਕੀਤਾ। ਸ਼੍ਰੀ ਗੁਰੂ ਨਾਨਕ ਦੇਵ ਜੀ ਨੇ ਉਨ੍ਹਾਂ ਨੂੰ ਆਪਣਾ ਭਾਈ ਆਖਿਆ ਅਤੇ ਅੰਤ ਸਮੇਂ ਵੀ ਭਾਈ ਮਰਦਾਨਾ ਜੀ ਨੇ ਆਖਰੀ ਸਵਾਸ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਚਰਨਾਂ ਵਿੱਚ ਲਏ। ਉਨ੍ਹਾਂ ਕਿਹਾ ਕਿ ਅੱਜ ਉਨ੍ਹਾਂ ਦੇ ਅਕਾਲ ਚਲਾਣਾ ਦਿਵਸ ਮੌਕੇ ਵਿਸ਼ਵ ਭਾਈ ਮਰਦਾਨਾ ਕੀਰਤਨ ਦਰਬਾਰ ਸੁਸਾਇਟੀ ਵੱਲੋਂ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਬੁਲਾਰੇ ਦਿਲਬਾਗ ਸਿੰਘ ਵਿਰਕ, ਪਰਮਜੀਤ ਸਿੰਘ ਕਲਸੀ, ਦਵਿੰਦਰ ਸਿੰਘ ਕਲਸੀ ਉਚੇਚੇ ਤੌਰ ਤੇ ਪਹੁੰਚੇ ਸਨ। ਪਹਿਲਾਂ 10 ਮਿੰਟ ਮੂਲ ਮੰਤਰ ਦਾ ਪਾਠ ਕੀਤਾ ਗਿਆ ਉਪਰੰਤ ਆਨੰਦ ਸਾਹਿਬ ਦੇ ਪਾਠ ਤੋਂ ਬਾਅਦ ਅਰਦਾਸ ਕੀਤੀ ਗਈ। ਇਸ ਮੌਕੇ ਦਿਲਬਾਗ ਸਿੰਘ ਵਿਰਕ ਨੇ ਬੋਲਦਿਆਂ ਆਖਿਆ ਕਿ ਇਹ ਭਾਈ ਮਰਦਾਨਾ ਜੀ ਦੀ ਯਾਦਗਾਰ ਪੂਰੇ ਵਿਸ਼ਵ ਵਿੱਚ ਇੱਕ ਹੀ ਹੈ ਜੋ ਕਿ ਸਰਦਾਰ ਪ੍ਰਕਾਸ਼ ਸਿੰਘ ਜੀ ਬਾਦਲ ਨੇ ਭਾਈ ਮਰਦਾਨਾ ਸੋਸਾਇਟੀ ਨੂੰ ਬਣਾ ਕੇ ਦਿੱਤੀ ਸੀ। ਇਸ ਮੌਕੇ ਡਾਕਟਰ ਹਰਜੀਤ ਸਿੰਘ ਧਾਲੀਵਾਲ, ਦਰਸਲ ਨਾਲ ਹੀਰਾ, ਮਨੋਹਰ ਲਾਲ, ਰਜੇਸ਼ ਕੁਮਾਰ, ਨਿਰਮਲ ਸਿੰਘ, ਮਨੋਹਰ ਲਾਲ, ਰਣਜੀਤ ਸਿੰਘ ਸੰਧੂ, ਪਰਮਜੀਤ ਸਿੰਘ ਕਲਸੀ, ਦਵਿੰਦਰ ਸਿੰਘ ਕਲਸੀ, ਤਜਿੰਦਰ ਸਿੰਘ ਸਾਜਨ, ਇੰਦਰਪਾਲ ਸਿੰਘ ਪ੍ਰਿੰਸ ਆਦਿ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਫ਼ਿਰੋਜ਼ਪੁਰ ਦੇ ਪ੍ਰਾਈਵੇਟ ਸਕੂਲਾਂ ਦੀ ਹੋਈ ਅਹਿਮ ਮੀਟਿੰਗ

ਸਕੂਲਾਂ ਨਾਲ ਜੁੜੇ ਅਹਿਮ ਮੁੱਦਿਆਂ 'ਤੇ ਹੋਈ ਵਿਚਾਰ-ਚਰਚਾ



ਫ਼ਿਰੋਜ਼ਪੁਰ, 28 ਨਵੰਬਰ (ਮਨੋਹਰ ਲਾਲ) :— ਐਸੋਸੀਏਸ਼ਨ ਆਫ ਹੈਡਸ ਆਫ ਰਜਿਸਟਰਡ ਐਫੀਲੀਏਟਿਡ ਸਕੂਲਜ਼ ਦੀ ਇਕ ਪ੍ਰਭਾਵਸ਼ਾਲੀ ਮੀਟਿੰਗ ਹੋਟਲ ਕੁਬੇਰ ਵਿਖੇ ਹੋਈ, ਜਿਸ ਵਿੱਚ ਸਕੂਲਾਂ ਦੇ ਪ੍ਰਬੰਧਕਾਂ, ਪ੍ਰਿੰਸੀਪਲਾਂ ਅਤੇ ਸਿੱਖਿਆ ਖੇਤਰ ਨਾਲ ਜੁੜੀਆਂ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦਾ ਮੁੱਖ ਉਦੇਸ਼ ਸਕੂਲਾਂ ਨੂੰ ਦਰਪੇਸ਼ ਸਮੱਸਿਆਵਾਂ, ਸਿੱਖਿਆ ਪ੍ਰਣਾਲੀ ਵਿੱਚ ਆ ਰਹੀਆਂ ਤਬਦੀਲੀਆਂ ਅਤੇ ਸਕੂਲ ਪ੍ਰਬੰਧਨ ਨਾਲ ਸਬੰਧਤ ਅਹਿਮ ਮੁੱਦਿਆਂ 'ਤੇ ਵਿਚਾਰ—ਵਟਾਂਦਰਾ ਕਰਨਾ ਸੀ।ਮੀਟਿੰਗ ਦੌਰਾਨ ਜਸਮਿੰਦਰ ਸਿੰਘ ਸੰਧੂ ਪ੍ਰਿੰਸੀਪਲ ਦਸਮੇਸ਼ ਪਬਲਿਕ ਸਕੂਲ ਅਤੇ ਜ਼ਿਲਾ ਪ੍ਰਧਾਨ ਫਿਰੋਜ਼ਪੁਰ, ਰਵਿੰਦਰ ਸ਼ਰਮਾ, ਪ੍ਰਿੰਸੀਪਲ ਬੀ.ਐਸ.ਐਮ ਸਕੂਲ ਜਨਰਲ ਸਕੱਤਰ ਰਾਸਾ, ਨਰਿੰਦਰ ਸਿੰਘ ਕੇਸਰ ਜ਼ਿਲ੍ਹਾ ਪ੍ਰਧਾਨ ਰਾਸਾ ਫਿਰੋਜ਼ਪੁਰ ਅਤੇ ਪ੍ਰਿੰਸੀਪਲ ਐਸ.ਬੀ.ਐਸ ਸਕੂਲ ਭਾਨੇਵਾਲਾ ਨੇ ਬੋਲਦਿਆਂ ਸਿੱਖਿਆ ਸੰਸਥਾਵਾਂ ਦੀਆਂ ਸਾਂਝੀਆਂ ਸਮੱਸਿਆਵਾਂ ਨੂੰ ਮਿਲਜੁਲ ਕੇ ਹੱਲ ਕਰਨ ਅਤੇ ਆਪਸੀ ਤਾਲਮੇਲ ਨੂੰ ਹੋਰ ਮਜ਼ਬੂਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।

ਮੀਟਿੰਗ ਦੇ ਏਜੰਡੇ ਅਨੁਸਾਰ ਸਭ ਤੋਂ ਪਹਿਲਾਂ ਐਸੋਸੀਏਸ਼ਨ ਦੇ ਖਾਤਿਆਂ ਦੀ ਪੇਸ਼ਕਾਰੀ ਕੀਤੀ ਗਈ। ਇਸ ਤੋਂ ਬਾਅਦ ਨਵੀਂ ਸਿੱਖਿਆ ਨੀਤੀ ਨੂੰ ਲਾਗੂ ਕਰਨ ਸਬੰਧੀ ਵਿਚਾਰ ਚਰਚਾ ਹੋਈ। ਸਕੂਲਾਂ ਦੀਆਂ ਇਮਾਰਤਾਂ ਦੀ ਸੁਰੱਖਿਆ ਅਤੇ ਫਾਇਰ ਸੇਫਟੀ ਸਰਟੀਫਿਕੇਟਾਂ ਸਬੰਧੀ ਨਿਯਮਾਂ ਅਤੇ ਉਨ੍ਹਾਂ ਦੀ ਪਾਲਣਾ ਬਾਰੇ ਵੀ ਵਿਸਥਾਰ ਨਾਲ ਵਿਚਾਰ ਸਾਂਝੇ ਕੀਤੇ ਗਏ। ਇਸ ਮੌਕੇ ਸਕੂਲਾਂ ਵਿੱਚ ਫੀਸਾਂ ਦੀ ਅਦਾਇਗੀ ਨਾ ਕਰਨ ਵਾਲੇ ਮਾਪਿਆਂ (ਡਿਫਾਲਟਿੰਗ ਪੈਰੈਂਟਸ) ਨਾਲ ਸਬੰਧਤ ਸਮੱਸਿਆ ਨੂੰ ਵੀ ਵਿਚਾਰਿਆ ਗਿਆ। ਬੁਲਾਰਿਆਂ ਨੇ ਕਿਹਾ ਕਿ ਸਕੂਲਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਮਾਪਿਆਂ ਅਤੇ ਸਕੂਲ ਪ੍ਰਬੰਧਕਾਂ ਵਿਚਕਾਰ ਆਪਸੀ ਸਹਿਯੋਗ ਅਤੇ ਜ਼ਿੰਮੇਵਾਰੀ ਦੀ ਭਾਵਨਾ ਹੋਣੀ ਬਹੁਤ ਜ਼ਰੂਰੀ ਹੈ। ਇਸ ਤੋਂ ਇਲਾਵਾ ਮੈਂਬਰਸ਼ਿਪ ਸਰਟੀਫਿਕੇਟਾਂ ਦੀ ਵੰਡ ਕੀਤੀ ਗਈ ਅਤੇ ਹੋਰ ਮਸਲਿਆਂ 'ਤੇ ਵੀ ਖੁੱਲ੍ਹ ਕੇ ਵਿਚਾਰਾਂ ਕੀਤੀਆਂ। ਇਸ ਮੌਕੇ ਮਨੀਸ਼ ਕੁਮਾਰ ਬਾਂਗਾ ਡੀਸੀਐਮ ਗਰੁੱਪ ਫਿਰੋਜ਼ਪੁਰ, ਸੁਨੀਰ ਮੌਂਗਾ ਸਾਈਂ ਪਬਲਿਕ ਸਕੂਲ, ਮਨਜੀਤ ਸਿੰਘ ਵਿਰਕ ਪ੍ਰਿੰਸੀਪਲ ਐਸਬੀਐਸ ਰੱਖੜੀ, ਰਾਜੇਸ਼ ਗਾਬਾ ਪ੍ਰਿੰਸੀਪਲ ਗਾਬਾ ਪਬਲਿਕ ਸਕੂਲ, ਰੋਹਿਤ ਮਦਾਨ ਰੋਹਿਤ ਪਬਲਿਕ ਸਕੂਲ, ਜਸਵੀਰ ਸਿੰਘ ਕਟਾਰੀਆ ਮੱਖੂ, ਰਜਨੀ ਮੌਂਗਾ ਡੀਸੀਐਮ ਜੈਨ ਅਤੇ ਮਨੀਸ਼ ਗੰਇਲ, ਕਮਲਜੀਤ ਸਿੰਘ ਗਿੱਲ, ਜਸਵੀਰ ਸਿੰਘ ਕਟਾਰੀਆ, ਇੰਦਰਪਾਲ ਸਿੰਘ, ਜਗਤਾਰ ਸਿੰਘ, ਜੀਵਨ ਲਾਲ ਧੀਰ, ਪ੍ਰੀਤਇੰਦਰ ਸਿੰਘ ਸੰਧੂ, ਨਸੀਬ ਗਿੱਲ, ਬੇਅੰਤ ਕੌਰ ਸਮੇਤ ਹੋਰ ਸਿੱਖਿਆ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਸ਼ਿਰਕਤ ਕੀਤੀ।ਬੁਲਾਰਿਆਂ ਨੇ ਕਿਹਾ ਕਿ ਅਜਿਹੀਆਂ ਮੀਟਿੰਗਾਂ ਸਿੱਖਿਆ ਸੰਸਥਾਵਾਂ ਦੇ ਮੁਖੀਆਂ ਨੂੰ ਇੱਕ ਸਾਂਝਾ ਮੰਚ ਪ੍ਰਦਾਨ ਕਰਦੀਆਂ ਹਨ, ਜਿਥੇ ਉਹ ਆਪਣੇ ਤਜਰਬੇ, ਵਿਚਾਰ ਅਤੇ ਸਮੱਸਿਆਵਾਂ ਸਾਂਝੀਆਂ ਕਰਕੇ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਸਾਂਝੇ ਯਤਨ ਕਰ ਸਕਦੇ ਹਨ। ਮੀਟਿੰਗ ਦੌਰਾਨ ਮੈਂਬਰਾਂ ਨੇ ਆਪਸੀ ਏਕਤਾ, ਸਹਿਯੋਗ ਅਤੇ ਸਿੱਖਿਆ ਸੰਸਥਾਵਾਂ ਦੇ ਹਿੱਤਾਂ ਦੀ ਰਾਖੀ ਲਈ ਮਿਲ ਕੇ ਕੰਮ ਕਰਨ ਦੀ ਵਚਨਬੱਧਤਾ ਪ੍ਰਗਟਾਈ।

ਆਵਾਜ਼ਿ ਕੌਮ AWAZE QAUM International Newspaper & WEB TV

ਪ੍ਰਾਈਵੇਟ ਸਕੂਲਾਂ ਨੂੰ ਆ ਰਹੀਆਂ ਦਰਪੇਸ਼ ਚੁਣੌਤੀਆ ਲਈ ਐਸੋਸੀਏਸ਼ਨ ਹਰ ਸਕੂਲ ਨਾਲ ਹੋਵੇਗੀ ਖੜੀ—ਸੰਧੂ, ਸ਼ਰਮਾ, ਕੇਸਰ

ਲੇਖਕ ਅਦਾਕਾਰ ਕਲਾ ਮੰਚ ਅਤੇ

ਪੰਜਾਬੀ ਸਾਹਿਤ ਸਭਾ ਵੱਲੋਂ ਸਨਮਾਨ ਸਮਾਰੋਹ



ਚੌਕ ਮਹਿਤਾ, 28 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਅੱਜ ਇੱਥੇ ਲੇਖਕ ਅਦਾਕਾਰ ਕਲਾ ਮੰਚ ਖਡੂਰ ਸਾਹਿਬ ਵੱਲੋਂ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਸਹਿਯੋਗ ਨਾਲ ਇਕ ਸਨਮਾਨ ਸਮਾਗਮ ਅਤੇ ਕਵੀ ਦਰਬਾਰ ਮੀਟਿੰਗ ਹਾਲ ਬਾਬਾ ਬਕਾਲਾ ਸਾਹਿਬ ਵਿਖੇ ਕਰਵਾਇਆ ਗਿਆ। ਇਸ ਮੌਕੇ ਪ੍ਰਧਾਨਗੀ ਮੰਡਲ ਵਿੱਚ ਸਰਵਸ਼੍ਰੀ ਮੱਖਣ ਕੁਹਾੜ ਗੁਰਦਾਸਪੁਰ, ਗੁਰਮੀਤ ਸਿੰਘ ਬਾਜਵਾ ਕਲਾਨੌਰ, ਨਾਮਵਰ ਗਾਇਕ ਦਲਵਿੰਦਰ ਦਿਆਲਪੁਰੀ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ, ਸਰਪ੍ਰਸਤ ਪ੍ਰਿੰਸੀਪਲ ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ, ਫੀਲਡ ਪੱਤਰਕਾਰ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਹਰਜੀਪ੍ਰੀਤ ਸਿੰਘ ਕੰਗ, ਸ੍ਰੀ ਓਮ ਪ੍ਰਕਾਸ਼ ਸਪਰਾ ਸਾਹਿਤ ਸੰਪਾਦਕ ਮਿੱਤਰ ਸੰਗਮ ਪੱਤ੍ਰਿਕਾ ਦਿੱਲੀ, ਹਰਦਰਸ਼ਨ ਸਿੰਘ ਕਮਲ ਪ੍ਰਧਾਨ ਮਾਝਾ ਜਨਵਾਦੀ ਲੇਖਕ ਸਭਾ ਤਰਨ ਤਾਰਨ, ਕੁਲਵਿੰਦਰ ਸਿੰਘ ਗਾਖਲ ਪ੍ਰਧਾਨ ਸਾਹਿਤਕ ਮੰਚ ਜਲੰਧਰ, ਗਿਆਨੀ ਗੁਲਜ਼ਾਰ ਸਿੰਘ ਥੈੜਾ ਪ੍ਰਧਾਨ ਸ਼੍ਰੋਮਣੀ ਪੰਜਾਬੀ ਸਾਹਿਤ ਸਭਾ ਜੰਡਿਆਲਾ ਗੁਰੂ, ਲੇਖਕ ਅਦਾਕਾਰ ਕਲਾ ਮੰਚ ਖਡੂਰ ਸਾਹਿਬ ਦੇ ਸਰਪ੍ਰਸਤ ਬਾਪੂ ਅਜੈਬ ਸਿੰਘ ਬੋਦੇਵਾਲ, ਸੰਚਾਲਕ ਸਕੱਤਰ ਸਿੰਘ ਪੁਰੇਵਾਲ, ਲਾਲੀ ਕਰਤਾਰਪੁਰੀ ਪ੍ਰਧਾਨ ਸਾਹਿਤ ਸਭਾ ਕਰਤਾਰਪੁਰ, ਸਰਪੰਚ ਗਰਜਿੰਦਰ ਸਿੰਘ ਸਠਿਆਲਾ, ਸਰਪੰਚ ਗੁਰਪ੍ਰਤਾਪ ਸਿੰਘ ਭਿੱਲਾ ਸਠਿਆਲਾ ਆਦਿ ਸ਼ੁਸ਼ੋਭਿਤ ਹੋਏ। ਇਸ ਮੌਕੇ ਲੇਖਕ ਅਦਾਕਾਰ ਕਲਾ ਮੰਚ ਖਡੂਰ ਸਾਹਿਬ ਦੇ ਸੰਚਾਲਕ ਸਕੱਤਰ ਸਿੰਘ ਪੁਰੇਵਾਲ ਵੱਲੋਂ ਕਵੀ ਅਜੀਤ ਸਿੰਘ ਸਠਿਆਲਵੀ ਨੂੰ ਬਾਪੂ ਮੁਖਤਾਰ ਸਿੰਘ ਕੰਗ ਯਾਦਗਾਰੀ ਐਵਾਰਡ ਨਾਲ ਅਤੇ ਕਵਿੱਤਰੀ ਸਿਮਰਨਜੀਤ ਕੌਰ ਮਾਹਲਾ ਨੂੰ ਮਾਤਾ ਕੁਲਵੰਤ ਕੌਰ ਕੰਗ ਯਾਦਗਾਰੀ ਐਵਾਰਡ ਦੇਕੇ ਸਨਮਾਨਿਤ ਕੀਤਾ ਗਿਆ। ਪੰਾਜਬੀ ਸਾਹਿਤ ਸਭਾ ਬਾਬਾ ਬਹਕਾਲਾ ਸਾਹਿਬ ਵੱਲੋਂ ਸਾਇਰ ਹਰਦਰਸ਼ਨ ਸਿੰਘ ਕਮਲ ਨੂੰ ਮਰਹੂਮ ਰਣਜੀਤ ਸਿੰਘ ਬਾਬਲ ਯਾਦਗਾਰੀ ਐਵਾਰਡ ਦੇਕੇ ਸਨਮਾਨਿਤ ਕੀਤਾ ਗਿਆ, ਜਦਕਿ ਉੱਘੇ ਸਮਾਜ ਸੇਵੀ ਸਰਬਪਾਲ ਸਿੰਘ ਲੁਧਿਆਣਾ, ਕਵੀ ਸੰਤੋਖ ਸਿੰਘ ਗੁਰਾਇਆ, ਗੀਤਕਾਰ ਸੁਲੱਖਣ ਸਿੰਘ ਦਿਓਲ ਅਤੇ ਖਿਡਾਰੀ ਹਰਕੀਰਤ ਸਿੰਘ ਕੰਗ ਨੂੰ ਵੀ ਸਭਾ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਜਾਵੇਗਾ। ਉਪਰੰਤ ਹੋਏ ਕਵੀ ਦਰਬਾਰ ਵਿੱਚ ਮੱਖਣ ਭੈਣੀਵਾਲਾ, ਗੁਰਮੇਜ ਸਹੋਤਾ, ਸੁਲੱਖਣ ਸਿੰਘ ਦਿਓਲ, ਲਖਵਿੰਦਰ ਸਿੰਘ ਉੱਪਲ, ਡਾ: ਰਮਨ ਕੁਮਾਰ, ਸਤਰਾਜ ਜਲਾਲਾਂਬਾਦੀ, ਸੂਬੇਗ ਸਿੰਘ ਮੀਆਂਵਿੰਡ, ਸੂਬੇਦਾਰ ਹਰਜੀਤ ਸਿੰਘ, ਮਨਦੀਪ ਸਿੰਘ ਰਾਜਨ, ਸੋਨੂੰ ਸੁਲਤਾਨ, ਸੁਖਦੇਵ ਸਿੰਘ ਗੰਡਵਾਂ, ਸੁਰਿੰਦਰ ਖਿਲਚੀਆਂ, ਰਾਜਵਿੰਦਰ ਕੌਰ ਰਾਜ, ਗੁਰਮੀਤ ਕੌਰ ਬੱਲ, ਸਰਬਜੀਤ ਕੌਰ, ਰਮਨਦੀਪ ਕੌਰ, ਸੁਖਵਿੰਦਰ ਕੌਰ ਬਟਾਲਾ, ਪਰਮਜੀਤ ਕੌਰ ਮਾਹਲਾ, ਮਨਰੀਤਜੋਤ ਕੌਰ, ਹਰਜਿੰਦਰ ਕੌਰ, ਅਮਨਦੀਪ ਕੌਰ, ਪੂਜਾ ਰਈਆ, ਚੰਦਨਪ੍ਰੀਤ ਕੌਰ, ਜਗਦੀਸ਼ ਸਿੰਘ ਬਮਰਾਹ, ਜਸਪਾਲ ਸਿੰਘ ਧੂਲਕਾ, ਨਾਨਕ ਚੰਦ ਵਸ਼ਿਸ਼ਟ, ਸਰਬਜੀਤ ਸਿੰਘ ਪੱਡਾ, ਮਾ: ਬਲਬੀਰ ਸਿੰਘ ਬੋਲੇਵਾਲ, ਮਨੋਜ ਫਗਵਾੜਵੀ, ਸੂਬੇਦਾਰ ਹਰਜਿੰਦਰ ਸਿੰਘ ਨਿੱਝਰ, ਜਸਮੇਲ ਸਿੰਘ ਜੋਧੇ, ਬਲਦੇਵ ਸਿੰਘ ਸਠਿਆਲਾ, ਗੁਲ ਨੂਰਪੁਰੀ, ਕਾਲੇ ਸ਼ਾਹ ਟਾਂਗਰਾ, ਜਸਵਿੰਦਰ ਸਿੰਘ ਸਠਿਆਲਾ ਨੇ ਕਾਵਿ ਰਚਾਨਵਾਂ ਰਾਹੀਂ ਚੰਗਾ ਰੰਗ ਬੰਨਿਆ। ਮੰਚ ਸੰਚਾਲਨ ਦੇ ਫਰਜ਼ ਸ਼ੇਲਿੰਦਰਜੀਤ ਸਿੰਘ ਰਾਜਨ ਨੇ ਬਾਖੂਬੀ ਨਿਭਾਏ।

ਆਵਾਜ਼ਿ ਕੌਮ AWAZE QAUM International Newspaper & WEB TV

ਵੱਖ ਵੱਖ ਖੇਤਰ ਵਿੱਚ ਮੱਲਾਂ ਮਾਰਨ ਵਾਲੀਆਂ ਸਖਸ਼ੀਅਤਾਂ ਨੂੰ ਕੀਤਾ ਸਨਮਾਨਿਤ

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਤਾਮਿਲਨਾਡੂ 'ਚ ਗੁਰਪੁਰਬ ਸਮਾਗਮ ਦੌਰਾਨ ਪੁਲਿਸ 'ਤੇ ਸਿੱਖ ਆਗੂ ਨਾਲ ਜਾਤੀਗਤ ਪੁੱਛਗਿੱਛ ਤੇ ਧੱਕੇਸ਼ਾਹੀ ਦੇ ਆਰੋਪ

ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਪੱਤਰ ਲਿਖ ਕੇ ਇਨਸਾਫ਼ ਦੀ ਗੁਹਾਰ



ਤਾਮਿਲਨਾਡੂ ਦੇ ਜ਼ਿਲ੍ਹਾ ਥੂਥੂਕੁਡੀ ਦੇ ਪਿੰਡ ਮੇਲਾਚੋਂਕਾਰਾਕੁਡੀ ਵਿਖੇ 'ਤਾਮਿਲ ਸਿੱਖ ਸੰਗਤ' ਦੇ ਪ੍ਰਧਾਨ ਸੈਲਵਾ ਸਿੰਘ ਵੱਲੋਂ ਆਪਣੇ ਘਰ ਦੇ ਨੇੜੇ ਨਿੱਜੀ ਜ਼ਮੀਨ ਉੱਤੇ ਜਗਤ ਗੁਰੂ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦਾ ਧਾਰਮਿਕ ਸਮਾਗਮ ਅਤੇ ਲੰਗਰ ਦਾ ਆਯੋਜਨ ਕੀਤਾ ਜਾ ਰਿਹਾ ਸੀ। ਇਸ ਸਮਾਗਮ ਦਾ ਮੁੱਖ ਮਨੋਰਥ ਗੁਰੂ ਸਾਹਿਬ ਦੀਆਂ ਲਾਸਾਨੀ ਸਿੱਖਿਆਵਾਂ, ਸਰਬੱਤ ਦੇ ਭਲੇ, ਮਾਨਵਤਾ, ਭਾਈਚਾਰਕ ਸਾਂਝ ਅਤੇ



ਆਵਾਜ਼ਿ ਕੌਮ AWAZE QAUM International Newspaper & WEB TV

ਜਾਤ-ਪਾਤ ਰਹਿਤ ਸਮਾਜ ਦੇ ਸੁਨੇਹੇ ਨੂੰ ਸਥਾਨਕ ਲੋਕਾਂ ਤੱਕ ਪਹੁੰਚਾਉਣਾ ਸੀ।ਪੁੰਡੂ, 24 ਨਵੰਬਰ 2026 ਨੂੰ ਸਮਾਗਮ ਦੀਆਂ ਤਿਆਰੀਆਂ ਦੌਰਾਨ ਲੰਗਰ ਦਾ ਸਾਮਾਨ ਲੈ ਕੇ ਜਾ ਰਹੇ ਸੈਲਵਾ ਸਿੰਘ ਨੂੰ ਸਥਾਨਕ ਥੱਟਾਪਰਾਈ ਪੁਲਿਸ ਨੇ ਰਸਤੇ ਵਿੱਚ ਹੀ ਰੋਕ ਲਿਆ ਅਤੇ ਸਮਾਗਮ ਕਰਨ 'ਤੇ ਜ਼ਬਾਨੀ ਪਾਬੰਦੀ ਲਗਾ ਦਿੱਤੀ। ਲਿਖਤੀ ਹੁਕਮ ਮੰਗਣ 'ਤੇ ਪੁਲਿਸ ਨੇ ਲਿਖਤੀ ਮਨਜ਼ੂਰੀ ਦੀ ਸ਼ਰਤ ਰੱਖ ਦਿੱਤੀ ਅਤੇ ਬਾਅਦ ਵਿੱਚ ਧਾਰਮਿਕ ਸਮਾਗਮ ਉੱਤੇ ਕਈ ਤਰ੍ਹਾਂ ਦੀਆਂ ਅਣਉਚਿਤ ਰੁਕਾਵਟਾਂ ਆਇਦ ਕਰ ਦਿੱਤੀਆਂ।

ਪੁਲਿਸ ਵੱਲੋਂ ਕੀਤੀ ਗਈ ਧੱਕੇਸ਼ਾਹੀ, ਜਾਤੀ ਪੁੱਛਗਿੱਛ ਅਤੇ ਧਮਕੀਆਂ : ਪੁਲਿਸ ਪੜਤਾਲ ਦੌਰਾਨ ਥਾਣਾ ਇੰਚਾਰਜ (Inspector) ਵੱਲੋਂ ਸਿੱਖ ਆਗੂ ਸੈਲਵਾ ਸਿੰਘ ਤੋਂ ਉਨ੍ਹਾਂ ਦੀ ਜਾਤ (Caste) ਬਾਰੇ ਪੁੱਛਗਿੱਛ ਕੀਤੀ ਗਈ। ਜਦੋਂ ਸੈਲਵਾ ਸਿੰਘ ਨੇ ਵਿਰੋਧ ਕਰਦਿਆਂ ਕਿਹਾ ਕਿ ਉਹ ਸਿੱਖ ਹਨ ਅਤੇ ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਜਾਤ-ਪਾਤ ਨੂੰ ਪੂਰੀ ਤਰ੍ਹਾਂ ਨਕਾਰਦੀ ਹੈ, ਤਾਂ ਪੁਲਿਸ ਅਧਿਕਾਰੀਆਂ ਨੇ ਉੱਚ ਅਧਿਕਾਰੀਆਂ ਦੇ ਹੁਕਮਾਂ ਦਾ ਹਵਾਲਾ ਦਿੰਦਿਆਂ ਸਰਕਾਰੀ ਰਿਕਾਰਡ ਵਿੱਚ ਉਨ੍ਹਾਂ ਦੀ ਜਾਤ "PL" ਦਰਜ ਕਰ ਲਈ, ਜਿਸ ਨਾਲ ਸਿੱਖ ਆਗੂ ਨੂੰ ਡੂੰਘੀ ਮਾਨਸਿਕ ਠੇਸ ਪਹੁੰਚੀ। ਇਸ ਤੋਂ ਇਲਾਵਾ ਪੁਲਿਸ ਨੇ ਸਮਾਗਮ ਨੂੰ ਨਿੱਜੀ ਥਾਂ 'ਤੇ ਵੀ ਕਰਨ ਤੋਂ ਰੋਕਦਿਆਂ ਸਿਰਫ਼ ਘਰ ਦੀਆਂ ਚਾਰ ਦੀਵਾਰੀਆਂ ਅੰਦਰ ਸੀਮਤ ਕਰਨ ਦੀ ਹਦਾਇਤ ਦਿੱਤੀ। ਨਾਲ ਹੀ ਧਮਕੀ ਦਿੱਤੀ ਗਈ ਕਿ ਜੇਕਰ ਸਟੇਜ ਲਗਾਈ ਗਈ ਜਾਂ ਲਾਊਡਸਪੀਕਰ ਵਰਤਿਆ ਗਿਆ ਤਾਂ ਸਾਮਾਨ ਜ਼ਬਤ ਕਰਕੇ ਟੈਂਟ ਅਤੇ ਸਾਊਂਡ ਵਾਲੇ ਗਰੀਬ ਮਜ਼ਦੂਰਾਂ ਵਿਰੁੱਧ ਝੂਠੇ ਮੁਕੱਦਮੇ ਦਰਜ ਕੀਤੇ ਜਾਣਗੇ। ਗਰੀਬਾਂ ਦੇ ਰੁਜ਼ਗਾਰ ਨੂੰ ਬਚਾਉਣ ਖ਼ਾਤਰ ਸਿੱਖ ਸੰਗਤ ਨੂੰ ਮਜ਼ਬੂਰਨ ਬਿਨਾਂ ਸਟੇਜ ਅਤੇ ਬਿਨਾਂ ਲਾਊਡਸਪੀਕਰ ਦੇ, ਇੱਕ ਛੋਟੇ ਹੱਥ ਵਾਲੇ ਮਾਈਕ (Handheld Mic) ਦੇ ਸਹਾਰੇ ਹੀ 500 ਲੋਕਾਂ ਦੇ ਇਕੱਠ ਵਿੱਚ ਅਮਨ-ਅਮਾਨ ਨਾਲ ਇਹ ਸਮਾਗਮ ਨੇਪਰੇ ਚਾੜ੍ਹਨਾ ਪਿਆ।

ਸ਼੍ਰੀ ਅਕਾਲ ਤਖ਼ਤ ਸਾਹਿਬ ਤੋਂ ਕੀਤੀਆਂ ਗਈਆਂ ਮੁੱਖ ਮੰਗਾਂ

ਪੁਲਿਸ ਦੇ ਇਸ ਅਪਮਾਨਜਨਕ ਅਤੇ ਗੈਰ-ਸੰਵਿਧਾਨਕ ਰਵੀਏ ਵਿਰੁੱਧ ਸੈਲਵਾ ਸਿੰਘ ਨੇ ਸਰਬਉੱਚ ਧਾਰਮਿਕ ਅਸਥਾਨ ਸ਼੍ਰੀ ਅਕਾਲ ਤਖ਼ਤ ਸਾਹਿਬ ਦਾ ਦਰਵਾਜ਼ਾ ਖੜਕਾਇਆ ਹੈ। ਉਨ੍ਹਾਂ ਨੇ ਸਿੰਘ ਸਾਹਿਬ ਜਥੇਦਾਰ ਸਾਹਿਬ ਨੂੰ ਬਿਨੈ-ਪੱਤਰ ਭੇਜ ਕੇ ਮੰਗ ਕੀਤੀ ਹੈ ਕਿ ਸ਼੍ਰੀ ਅਕਾਲ ਤਖ਼ਤ ਸਾਹਿਬ ਇਸ ਪੂਰੀ ਘਟਨਾ ਦਾ ਤੁਰੰਤ ਰਸਮੀ ਸੰਗਿਆਨ ਲਵੇ ਅਤੇ ਤਾਮਿਲਨਾਡੂ ਪੁਲਿਸ ਅਧਿਕਾਰੀਆਂ ਤੋਂ ਸਿੱਖਾਂ ਦੀ ਜਾਤ ਪੁੱਛਣ ਅਤੇ ਸਮਾਗਮ ਰੋਕਣ ਦੇ ਗੈਰ-ਕਾਨੂੰਨੀ ਕਾਰਨਾਂ ਬਾਰੇ ਜਵਾਬ ਤਲਬੀ ਕਰੇ। ਇਸ ਦੇ ਨਾਲ ਹੀ ਉਨ੍ਹਾਂ ਮੰਗ ਕੀਤੀ ਕਿ ਤਾਮਿਲਨਾਡੂ ਵਿੱਚ ਵੱਸਦੇ ਘੱਟ ਗਿਣਤੀ ਸਿੱਖ ਭਾਈਚਾਰੇ ਦੇ ਧਾਰਮਿਕ ਅਧਿਕਾਰਾਂ, ਸਵੈ-ਮਾਣ ਅਤੇ ਸੁਰੱਖਿਆ ਦੀ ਰਾਖੀ ਲਈ ਤੁਰੰਤ ਠੋਸ ਕਦਮ ਚੁੱਕੇ ਜਾਣ ਅਤੇ ਇਹ ਮਾਮਲਾ ਤਾਮਿਲਨਾਡੂ ਸਰਕਾਰ ਤੇ ਉੱਚ ਪੁਲਿਸ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆ ਕੇ ਦੋਸ਼ੀ ਪੁਲਿਸ ਕਰਮਚਾਰੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ।

ਪੱਤਰ ਕਿਸ-ਕਿਸ ਨੂੰ ਲਿਖਿਆ ਗਿਆ ਅਤੇ ਮੁੱਖ ਉਦੇਸ਼

ਇਹ ਮੰਗ ਪੱਤਰ 'ਤਾਮਿਲ ਸਿੱਖ ਸੰਗਤ' ਦੇ ਪ੍ਰਧਾਨ ਸੈਲਵਾ ਸਿੰਘ (ਵਾਸੀ 1/23, ਸਾਊਥ ਸਟ੍ਰੀਟ, ਮੇਲਾਚੋਂਕਾਰਾਕੁਡੀ, ਥੂਥੂਕੁਡੀ) ਵੱਲੋਂ ਸਿੰਘ ਸਾਹਿਬ ਜਥੇਦਾਰ ਸਾਹਿਬ, ਸ਼੍ਰੀ ਅਕਾਲ ਤਖ਼ਤ ਸਾਹਿਬ (ਸ਼੍ਰੀ ਅੰਮ੍ਰਿਤਸਰ, ਪੰਜਾਬ) ਨੂੰ ਭੇਜਿਆ ਗਿਆ ਹੈ, ਜਿਸ ਦੀ ਇੱਕ ਕਾਪੀ ਰਾਸ਼ਟਰੀ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਹਰਜੀਤ ਸਿੰਘ ਗਰੇਵਾਲ (ਨਵੀਂ ਦਿੱਲੀ) ਨੂੰ ਵੀ ਕਾਰਵਾਈ ਹਿੱਤ ਭੇਜੀ ਗਈ ਹੈ। ਆਪਣੇ ਪੱਤਰ ਦੇ ਅਖੀਰ ਵਿੱਚ ਸੈਲਵਾ ਸਿੰਘ ਨੇ ਸਪੱਸ਼ਟ ਕੀਤਾ ਕਿ ਸਿੱਖ ਸੰਗਤ ਦਾ ਪੁਲਿਸ ਜਾਂ ਸਰਕਾਰ ਨਾਲ ਕੋਈ ਟਕਰਾਅ ਕਰਨ ਦਾ ਮਨਸ਼ਾ ਨਹ

ਆਓ ਪੰਜਾਬੀ

ਸਿੱਖੀਏ ਅਤੇ ਸਿੱਖਾਈਏ

ਮਾਂ ਬੋਲੀ ਦਾ ਮਾਣ ਵਧਾਈਏ



★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਅਾਵਾਜ਼ਿ ਕੌਮ

+447458381111 +447976210161 +919729091243